ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਐਤਵਾਰ, 26 ਅਕਤੂਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੦ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਭੁੱਲਰ ਦੀਆਂ ਬੇਨਾਮੀ ਜਾਇਦਾਦਾਂ ਦੀ ਜਾਂਚ ਕਰੇਗੀ ਸੀਬੀਆਈ

# ਘਰੋਂ ਅਤੇ ਲਾਕਰਾਂ ਤੋਂ ਬਰਾਮਦ ਕੀਤੇ ਦਸਤਾਵੇਜ਼ਾਂ 'ਚ ਕਈ ਨਾਮ ਆਏ ਸਾਹਮਣੇ

**ਚੰਡੀਗੜ੍ਹ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸੀਬੀਆਈ ਵੱਲੋਂ ਰਿਸ਼ਵਤਖੋਰੀ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤੇ ਗਏ ਸਾਬਕਾ ਡੀਆਈਜੀ ਹਰਚਰਨ ਸਿੰਘ ਭੁੱਲਰ ਦੀਆਂ ਬੇਨਾਮੀ ਜਾਇਦਾਦਾਂ ਦੀ ਵੀ ਜਾਂਚ ਕੀਤੀ ਜਾਵੇਗੀ। ਟੀਮ ਹੁਣ ਜਾਂਚ ਕਰ ਰਹੀ ਹੈ ਕਿ ਭੁੱਲਰ ਦੇ ਘਰੋਂ ਅਤੇ ਲਾਕਰਾਂ ਤੋਂ ਬਰਾਮਦ ਕੀਤੇ ਗਏ ਦਸਤਾਵੇਜ਼ਾਂ ਦਾ ਰਿਕਾਰਡ



ਤਹਿਸੀਲ ਦਫ਼ਤਰਾਂ ਵਿੱਚ ਕਿਸ ਦੇ ਨਾਮ ਦਰਜ ਹੈ। ਇਸ ਦੇ ਲਈ ਸੀਬੀਆਈ ਦੀ ਇੱਕ ਟੀਮ ਇਸ ਕੰਮ 'ਚ ਲਗਾਈ ਹੈ ਕਿ ਹਰਚਰਨ ਸਿੰਘ ਭੁੱਲਰ ਦੇ ਘਰ ਤੋਂ ਬਰਾਮਦ ਕੀਤੀਆਂ ਗਈਆਂ ਜਾਇਦਾਦਾਂ ਦੇ ਦਸਤਾਵੇਜ਼ਾਂ ਦੀ ਜਾਂਚ ਕਰ ਰਹੀ ਹੈ ਪਰ ਉਸਦੇ ਨਾਮ 'ਤੇ ਨਹੀਂ ਹੈ। ਜਿਨ੍ਹਾਂ ਅਧਿਕਾਰੀਆਂ ਦੇ ਨਾਮ ਰਜਿਸਟਰਾਂ 'ਚ ਆਉਂਦੇ ਹਨ, ਉਨ੍ਹਾਂ ਨੂੰ ਪੁੱਛਗਿੱਛ ਲਈ ਬੁਲਾਇਆ ਜਾ ਸਕਦਾ ਹੈ। ਵਿਭਾਗ ਨੇ ਅਜੇ ਤੱਕ ਇਨ੍ਹਾਂ ਜਾਇਦਾਦਾਂ ਦੇ ਵੇਰਵੇ ਸਾਂਝੇ ਨਹੀਂ ਕੀਤੇ ਹਨ। ਸੀਬੀਆਈ ਨੂੰ ਸ਼ੱਕ ਹੈ ਕਿ ਕੁਝ ਹੋਰ ਅਧਿਕਾਰੀਆਂ ਅਤੇ ਰਾਜਨੀਤਿਕ ਨੇਤਾਵਾਂ ਦਾ ਪੈਸਾ ਇਨ੍ਹਾਂ ਜਾਇਦਾਦਾਂ ਦੀ ਖਰੀਦ-ਵੇਚ ਵਿੱਚ ਸ਼ਾਮਲ ਹੋ ਸਕਦਾ ਹੈ। ਕਿਉਂਕਿ ਸੀਬੀਆਈ ਨੇ ਸਾਬਕਾ ਡੀਆਈਜੀ ਦੇ ਆਈਟੀਆਰ ਵਿੱਚ ਦੱਸੀ ਗਈ ਜ਼ਮੀਨ ਜਾਇਦਾਦ ਤੋਂ ਇਲਾਵਾ ਹੋਰ ਜਾਇਦਾਦਾਂ ਲੱਭੀਆਂ ਹਨ। ਡੀਆਈਜੀ ਹਰਚਰਨ ਸਿੰਘ ਭੁੱਲਰ ਦੀ ਮਾਸਿਕ ਤਨਖਾਹ 2.16 ਲੱਖ ਰੁਪਏ ਹੈ। ਹਾਲਾਂਕਿ, ਉਨ੍ਹਾਂ ਦੀ ਜਾਇਦਾਦ 15 ਕਰੋੜ ਰੁਪਏ ਤੋਂ ਵੱਧ ਹੈ। ਉਨ੍ਹਾਂ ਕੋਲ ਪੰਜਾਬ ਭਰ ਦੇ ਵੱਡੇ ਸ਼ਹਿਰਾਂ ਵਿੱਚ ਜਾਇਦਾਦਾਂ ਹਨ, ਜਿਨ੍ਹਾਂ ਵਿੱਚ ਜਲੰਧਰ, ਮੋਹਾਲੀ, ਲੁਧਿਆਣਾ ਅਤੇ ਕਪੂਰਥਲਾ ਸ਼ਾਮਲ ਹਨ, ਜੋ ਸਾਰੇ ਏ-ਗ੍ਰੇਡ ਸ਼ਹਿਰ ਹਨ। ਪੈਸੇ ਦੇ ਸਰੋਤ ਦਾ ਪਤਾ ਲਗਾਉਣ ਲਈ ਜਾਂਚ ਜਾਰੀ ਹੈ, ਹਾਲਾਂਕਿ ਉਨ੍ਹਾਂ ਦੀ ਸੇਵਾਮੁਕਤੀ ਤੱਕ ਦੋ ਸਾਲ ਬਾਕੀ ਹਨ। ਸੀਬੀਆਈ ਪਿਛਲੇ 6 ਸਾਲਾਂ ਦੌਰਾਨ ਹਾਸਲ ਕੀਤੀਆਂ ਸਾਰੀਆਂ ਜਾਇਦਾਦਾਂ ਦੀ ਜਾਂਚ ਕਰ ਰਹੀ ਹੈ। ਲਾਕਰ ਖੋਲ੍ਹੇ ਜਾ ਰਹੇ ਹਨ। ਹਾਲਾਂਕਿ ਸੀਬੀਆਈ ਨੇ ਉਸਦੀ ਗ੍ਰਿਫਤਾਰੀ ਤੋਂ ਬਾਅਦ ਉਸਦਾ ਰਿਮਾਂਡ ਨਹੀਂ ਮੰਗਿਆ ਸੀ ਪਰ ਹੁਣ ਮੰਨਿਆ ਜਾ ਰਿਹਾ ਹੈ ਕਿ ਉਹ ਮੰਗਣਗੇ। BNS 'ਚ ਇਹ ਵਿਵਸਥਾਵਾਂ ਹੈ ਕਿ ਆਰੋਪੀ ਦਾ ਰਿਮਾਂਡ 40 ਦਿਨਾਂ ਦੇ ਅੰਦਰ ਕਿਸੇ ਵੀ ਸਮੇਂ ਲਿਆ ਜਾ ਸਕਦਾ ਹੈ।

## ਸਾਬਕਾ ਡੀਜੀਪੀ ਦੇ ਪੁੱਤ ਦੀ ਰਹੱਸਮਈ ਮੌਤ ਦਾ ਮਾਮਲਾ ਹੋਰ ਵੀ ਹੋਇਆ ਗੁੰਝਲਦਾਰ, ਨਿੱਜੀ ਡਾਇਰੀ ਨੇ ਖੋਲ੍ਹੇ ਨਵੇਂ ਰਾਜ਼

**ਚੰਡੀਗੜ੍ਹ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਾਬਕਾ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਮੁਹੰਮਦ ਮੁਸਤਫਾ ਦੇ ਪੁੱਤਰ ਅਕੀਲ ਅਖਤਰ (35) ਦੀ ਮੌਤ ਦੇ ਮਾਮਲੇ ਨੇ ਇੱਕ ਨਵਾਂ ਮੋੜ ਲੈ ਲਿਆ ਹੈ। ਐਸਆਈਟੀ ਜਾਂਚ ਨੇ ਅਕੀਲ ਦੀ ਡਾਇਰੀ ਤੋਂ ਕਈ ਰਾਜ਼ ਉਜਾਗਰ ਕੀਤੇ ਹਨ ਜੋ ਉਸਦੀ ਆਖਰੀ ਵੀਡੀਓ ਨਾਲ ਮਿਲਦੇ-ਜੁਲਦੇ ਹਨ। ਪੁਲਿਸ ਦਾ ਦਾਅਵਾ ਹੈ ਕਿ ਡਾਇਰੀ ਵਿੱਚ ਉਹੀ ਬਿਆਨ ਹਨ ਜੋ ਅਕੀਲ ਨੇ ਆਪਣੀ ਵੀਡੀਓ ਵਿੱਚ ਦਿੱਤੇ ਸਨ, ਪਰ ਕੁਝ ਪੰਨਿਆਂ 'ਤੇ ਨੋਟ ਇਸ ਦਾ ਖੰਡਨ ਕਰਦੇ ਹਨ। ਮਾਮਲੇ ਦੀ ਜਾਂਚ ਕਰ ਰਹੀ ਐਸਆਈਟੀ ਦੇ ਮੁਖੀ ਏਸੀਪੀ ਵਿਕਰਮ ਨਹਿਰਾ ਨੇ ਕਿਹਾ ਕਿ ਡਾਇਰੀ ਦੀ ਫੋਰੈਂਸਿਕ ਜਾਂਚ ਕੀਤੀ ਜਾਵੇਗੀ। ਅਕੀਲ ਦੀ ਹੱਥ ਲਿਖਤ ਦਾ ਵੀ ਮੇਲ ਕੀਤਾ ਜਾਵੇਗਾ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਇਹ ਉਸਦੀ ਹੈ ਜਾਂ ਕਿਸੇ ਹੋਰ ਨੇ ਇਸ ਵਿੱਚ ਜੋੜਿਆ ਹੈ। ਪੁਲਿਸ ਨੂੰ ਅਕੀਲ ਦੇ ਕਮਰੇ ਵਿੱਚੋਂ ਅਜਿਹੀਆਂ ਚੀਜ਼ਾਂ ਵੀ ਮਿਲੀਆਂ ਹਨ ਜਿਨ੍ਹਾਂ ਨਾਲ ਨਸ਼ੀਲੇ ਪਦਾਰਥਾਂ ਦਾ ਸਬੰਧ ਹੋਣ ਦਾ ਸ਼ੱਕ ਹੈ। ਐਸਆਈਟੀ ਟੀਮ ਅਤੇ ਫੋਰੈਂਸਿਕ ਮਾਹਰ ਹੁਣ ਇਨ੍ਹਾਂ ਚੀਜ਼ਾਂ ਦੀ ਵਿਗਿਆਨਕ ਜਾਂਚ ਕਰ ਰਹੇ ਹਨ। ਪੁਲਿਸ ਦੇ ਅਨੁਸਾਰ, ਅਕੀਲ ਦਾ ਮੋਬਾਈਲ ਫੋਨ ਅਤੇ ਹੋਰ ਇਲੈਕਟ੍ਰਾਨਿਕ ਉਪਕਰਣ, ਜੋ ਜਾਂਚ ਲਈ ਮਹੱਤਵਪੂਰਨ ਸੁਰਾਗ ਪ੍ਰਦਾਨ ਕਰ ਸਕਦੇ ਹਨ, ਅਜੇ ਤੱਕ ਬਰਾਮਦ ਨਹੀਂ ਕੀਤੇ ਗਏ ਹਨ। ਅਕੀਲ ਦੀ ਡਾਇਰੀ ਉਸਦੇ ਪਰਿਵਾਰ ਦੁਆਰਾ ਪੁਲਿਸ ਨੂੰ ਸੌਂਪ ਦਿੱਤੀ ਗਈ ਸੀ। ਡਾਇਰੀ ਦੀ ਹੱਥ ਲਿਖਤ ਅਤੇ ਇਸਦੀ ਸਮੱਗਰੀ ਨੇ ਐਸਆਈਟੀ ਨੂੰ ਉਲਝਾ ਦਿੱਤਾ ਹੈ। ਦਰਜ ਕੀਤੇ ਗਏ ਕੁਝ ਨੋਟਾਂ ਵਿੱਚ ਅਕੀਲ ਦੀ ਮਾਨਸਿਕ ਸਥਿਤੀ ਦਾ ਵੇਰਵਾ ਸ਼ਾਮਲ ਹੈ, ਜਦੋਂ ਕਿ ਹੋਰਾਂ ਵਿੱਚ ਪਰਿਵਾਰ ਦੀਆਂ ਸਮੱਸਿਆਵਾਂ ਦੇ ਵੇਰਵੇ ਸ਼ਾਮਲ ਹਨ। ਪੁਲਿਸ ਇਨ੍ਹਾਂ ਦੋਵਾਂ ਪਹਿਲੂਆਂ ਦੀ ਸਮਾਨਾਂਤਰ ਜਾਂਚ ਕਰ ਰਹੀ ਹੈ। ਇਸ ਮਾਮਲੇ ਵਿੱਚ ਐਫਆਈਆਰ ਮਲੇਰਕੋਟਲਾ ਦੇ ਵਸਨੀਕ ਸ਼ਮਸੁਦੀਨ ਚੌਧਰੀ ਦੀ ਸ਼ਿਕਾਇਤ ਦੇ ਆਧਾਰ 'ਤੇ ਦਰਜ ਕੀਤੀ ਗਈ ਸੀ। ਉਹ ਆਪਣੇ ਆਪ ਨੂੰ ਅਕੀਲ ਅਖਤਰ ਦੇ ਪਰਿਵਾਰ ਦਾ ਗੁਆਂਢੀ ਦੱਸਦਾ ਹੈ। ਆਪਣੀ ਸ਼ਿਕਾਇਤ ਵਿੱਚ, ਉਸਨੇ ਅਕੀਲ ਅਖਤਰ ਦੀ ਮੌਤ ਬਾਰੇ ਸ਼ੱਕ ਪ੍ਰਗਟ ਕੀਤਾ ਅਤੇ ਇੱਕ ਸਾਜ਼ਿਸ਼ ਦਾ ਸ਼ੱਕ ਜਤਾਇਆ। ਹਾਲਾਂਕਿ, ਉਸਦਾ ਰਾਜਨੀਤਿਕ ਪਿਛੋਕੜ ਹੁਣ ਜਾਂਚ ਦਾ ਇੱਕ ਨਵਾਂ ਖੇਤਰ ਬਣ ਗਿਆ ਹੈ। ਉਹ ਪਹਿਲਾਂ ਆਮ ਆਦਮੀ ਪਾਰਟੀ ਨਾਲ ਜੁੜਿਆ ਹੋਇਆ ਸੀ ਤੇ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਮਲੇਰਕੋਟਲਾ ਦੇ ਉਮੀਦਵਾਰ ਮੁਹੰਮਦ ਜਮੀਲ-ਉਰ-ਰਹਿਮਾਨ ਲਈ ਪ੍ਰਚਾਰ ਕੀਤਾ ਸੀ।




## ਬਾਲੀਵੁੱਡ ਇੰਡਸਟਰੀ ਨੂੰ ਇਕ ਹੋਰ ਵੱਡਾ ਸਦਮਾ, ਨਹੀਂ ਰਹੇ ਮਸ਼ਹੂਰ ਅਦਾਕਾਰ ਸਤੀਸ਼ ਸ਼ਾਹ

**ਮੁੰਬਈ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-



ਬਾਲੀਵੁੱਡ ਅਤੇ ਟੈਲੀਵਿਜ਼ਨ ਦੇ ਮਸ਼ਹੂਰ ਅਦਾਕਾਰ ਸਤੀਸ਼ ਸ਼ਾਹ ਦਾ ਦੇਹਾਂਤ ਹੋ ਗਿਆ ਹੈ। ਉਨ੍ਹਾਂ ਨੇ 25 ਅਕਤੂਬਰ ਨੂੰ ਦੁਪਹਿਰ 2:30 ਵਜੇ ਆਖਰੀ ਸਾਹ ਲਿਆ। ਰਿਪੋਰਟਾਂ ਅਨੁਸਾਰ ਸਤੀਸ਼ ਕਿਡਨੀ ਨਾਲ ਸਬੰਧਤ ਬਿਮਾਰੀ ਤੋਂ ਪੀੜਤ ਸਨ। ਉਨ੍ਹਾਂ ਦੇ ਮੈਨੇਜਰ ਨੇ ਗੱਲਬਾਤ ਵਿੱਚ ਅਦਾਕਾਰ ਦੀ ਮੌਤ ਦੀ ਪੁਸ਼ਟੀ ਕੀਤੀ। ਸਤੀਸ਼ ਸ਼ਾਹ ਦਾ ਅੰਤਿਮ ਸੰਸਕਾਰ 26 ਅਕਤੂਬਰ ਨੂੰ ਕੀਤਾ ਜਾਵੇਗਾ। ਉਨ੍ਹਾਂ ਦੀ ਦੇਹ ਇਸ ਸਮੇਂ ਹਸਪਤਾਲ ਵਿੱਚ ਹੈ। ਸਤੀਸ਼ ਸ਼ਾਹ ਨੇ 74 ਸਾਲ ਦੀ ਉਮਰ ਵਿੱਚ ਆਖਰੀ ਸਾਹ ਲਿਆ। ਬਾਲੀਵੁੱਡ ਅਜੇ ਪਿਊਸ਼ ਪਾਂਡੇ ਦੀ ਮੌਤ ਦੀ ਖ਼ਬਰ ਤੋਂ ਉਭਰ ਰਿਹਾ ਸੀ ਕਿ ਸਤੀਸ਼ ਦੇ ਅਚਾਨਕ ਦੇਹਾਂਤ ਨੇ ਇੰਡਸਟਰੀ ਨੂੰ ਇੱਕ ਹੋਰ ਵੱਡਾ ਝਟਕਾ ਦਿੱਤਾ। ਫਿਲਮ ਅਤੇ ਟੀਵੀ ਇੰਡਸਟਰੀ ਸੋਗ ਵਿੱਚ ਡੁੱਬੀ ਹੋਈ ਹੈ। ਸਤੀਸ਼ ਸ਼ਾਹ ਨੇ ਆਪਣੇ ਕਰੀਅਰ ਦੌਰਾਨ ਕਈ ਫਿਲਮਾਂ ਵਿੱਚ ਕੰਮ ਕੀਤਾ। ਹਾਲਾਂਕਿ ਟੀਵੀ ਸ਼ੋਅ "ਸਾਰਾਭਾਈ ਵਰਸਿਜ਼ ਸਾਰਾਭਾਈ" ਵਿੱਚ ਇੰਦਰਵਦਨ ਸਾਰਾਭਾਈ, ਜਿਸਨੂੰ ਇੰਦੂ ਵੀ ਕਿਹਾ ਜਾਂਦਾ ਹੈ, ਦੀ ਭੂਮਿਕਾ ਨੇ ਉਨ੍ਹਾਂ ਨੂੰ ਘਰ-ਘਰ ਵਿੱਚ ਜਾਣਿਆ ਜਾਂਦਾ ਹੈ।

## ਜੇ ਹਰਿਆਣਾ 'ਚ ਪੰਜਾਬ ਨਾਲੋਂ ਘੱਟ ਸੜੀ ਪਰਾਲੀ ਤਾਂ ਫਿਰ ਉੱਥੇ ਪ੍ਰਦੂਸ਼ਣ ਵੱਧ ਕਿਓ... ?

**ਨਵੀਂ ਦਿੱਲੀ/ਚੰਡੀਗੜ੍ਹ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਲਗਾਤਾਰ ਵੱਧ ਰਹੀਆਂ ਹਨ। ਹੁਣ ਤੱਕ ਪੰਜਾਬ ਵਿੱਚ 730 ਥਾਵਾਂ 'ਤੇ ਪਰਾਲੀ



ਸਾੜੀ ਗਈ ਹੈ, ਜਦੋਂ ਕਿ ਹਰਿਆਣਾ ਵਿੱਚ ਸਿਰਫ਼ 60 ਮਾਮਲੇ ਸਾਹਮਣੇ ਆਏ ਹਨ। ਹਰਿਆਣਾ ਸਰਕਾਰ ਨੇ ਪਰਾਲੀ ਸਾੜਨ ਤੋਂ ਰੋਕਣ ਲਈ ਕਈ ਕਦਮ ਚੁੱਕੇ ਹਨ ਅਤੇ ਸਖ਼ਤੀ ਨਾਲ ਲਾਗੂ ਕੀਤਾ ਹੈ, ਜਿਸ ਕਾਰਨ ਘਟਨਾਵਾਂ ਵਿੱਚ ਕਮੀ ਆਈ ਹੈ। ਹੈਰਾਨੀ ਦੀ ਗੱਲ ਹੈ ਕਿ ਪੰਜਾਬ ਵਿੱਚ ਪਰਾਲੀ ਸਾੜਨ ਦੇ ਵਧਣ ਦੇ ਬਾਵਜੂਦ, ਪ੍ਰਦੂਸ਼ਣ ਦਾ ਪੱਧਰ ਹਰਿਆਣਾ ਨਾਲੋਂ ਬਿਹਤਰ ਹੈ। ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅੰਕੜਿਆਂ ਅਨੁਸਾਰ, ਹਰਿਆਣਾ ਦੇ ਤਿੰਨ ਸ਼ਹਿਰ - ਬਹਾਦਰਗੜ੍ਹ, ਧਾਰੂਹੇੜਾ ਅਤੇ ਫਤਿਹਾਬਾਦ - ਦੇਸ਼ ਦੇ ਸਭ ਤੋਂ ਵੱਧ ਪ੍ਰਦੂਸ਼ਿਤ ਸ਼ਹਿਰਾਂ ਵਿੱਚੋਂ ਇੱਕ ਹਨ। ਇਸਦਾ ਕਾਰਨ ਉਦਯੋਗਾਂ ਅਤੇ ਪਰਾਲੀ ਸਾੜਨ ਦੋਵਾਂ ਨੂੰ ਮੰਨਿਆ ਜਾਂਦਾ ਹੈ। ਚੰਗੀ ਖ਼ਬਰ ਇਹ ਹੈ ਕਿ ਰੈੱਡ ਜ਼ੋਨ ਵਿੱਚ ਸ਼ਹਿਰਾਂ ਦੀ ਗਿਣਤੀ ਘੱਟ ਗਈ ਹੈ। ਦੀਵਾਲੀ 'ਤੇ, ਹਰਿਆਣਾ ਦੇ 10 ਸ਼ਹਿਰ ਰੈੱਡ ਜ਼ੋਨ ਵਿੱਚ ਸਨ, ਪਰ ਹੁਣ ਸਿਰਫ਼ ਤਿੰਨ ਹੀ ਰੈੱਡ ਜ਼ੋਨ ਵਿੱਚ ਹਨ। ਜ਼ਿਆਦਾਤਰ ਸ਼ਹਿਰ ਹੁਣ ਸੰਤਰੀ ਜ਼ੋਨ ਵਿੱਚ ਹਨ। ਲਾਲ ਜ਼ੋਨ ਨੂੰ ਸਿਹਤ ਲਈ ਬਹੁਤ ਨੁਕਸਾਨਦੇਹ ਮੰਨਿਆ ਜਾਂਦਾ ਹੈ, ਜਦੋਂ ਕਿ ਸੰਤਰੀ ਜ਼ੋਨ ਇੱਕ ਮਾੜੀ ਸਥਿਤੀ ਨੂੰ ਦਰਸਾਉਂਦਾ ਹੈ। ਦੋਵਾਂ ਸਥਿਤੀਆਂ ਦੇ ਸਿਹਤ 'ਤੇ ਮਾੜੇ ਪ੍ਰਭਾਵ ਹਨ। ਚੌਧਰੀ ਚਰਨ ਸਿੰਘ ਹਰਿਆਣਾ ਖੇਤੀਬਾੜੀ ਯੂਨੀਵਰਸਿਟੀ, ਹਿਸਾਰ ਦੇ ਖੇਤੀਬਾੜੀ ਮੌਸਮ ਵਿਭਾਗ ਦੇ ਮੁਖੀ ਡਾ. ਮਦਨ ਖਿਚੜ ਦਾ ਕਹਿਣਾ ਹੈ ਕਿ ਮੌਜੂਦਾ ਮੌਸਮ ਧੂੰਏਂ ਦੇ ਗਠਨ ਲਈ ਅਨੁਕੂਲ ਹੈ। ਜਦੋਂ ਰਾਤ ਦਾ ਤਾਪਮਾਨ ਘੱਟ ਹੁੰਦਾ ਹੈ ਅਤੇ ਵਾਤਾਵਰਣ ਨਮੀ ਵਾਲਾ ਹੁੰਦਾ ਹੈ, ਤਾਂ ਵਾਯੂਮੰਡਲ ਵਿੱਚ ਫੈਲਿਆ ਧੂੰਆਂ ਵੱਧ ਨਹੀਂ ਸਕਦਾ ਅਤੇ ਇਹ ਧੂੰਏਂ ਦਾ ਰੂਪ ਲੈ ਲੈਂਦਾ ਹੈ। ਵਰਤਮਾਨ ਵਿੱਚ, ਹਵਾ ਦੀ ਗਤੀ ਹੌਲੀ ਹੈ। ਇਸ ਲਈ ਪ੍ਰਦੂਸ਼ਣ ਲਈ ਸਥਾਨਕ ਕਾਰਕ ਜ਼ਿੰਮੇਵਾਰ ਹਨ। ਹਾਲਾਂਕਿ, ਜੇਕਰ ਹਵਾ ਤੇਜ਼ ਚੱਲਦੀ ਹੈ, ਤਾਂ ਧੂੰਆਂ ਤੇਜ਼ੀ ਨਾਲ ਹੋਰ ਥਾਵਾਂ 'ਤੇ ਫੈਲ ਜਾਂਦਾ ਹੈ। ਹੁਣ, 28 ਅਤੇ 29 ਅਕਤੂਬਰ ਨੂੰ ਇੱਕ ਕਮਜ਼ੋਰ ਪੱਛਮੀ ਗੜਬੜੀ ਆਵੇਗੀ। ਇਹ ਹਰਿਆਣਾ ਵਿੱਚ ਬੱਦਲ ਲਿਆਏਗੀ। ਦਿੱਲੀ ਤੋਂ ਬਾਹਰ 10 ਜ਼ਿਲ੍ਹਿਆਂ ਵਿੱਚ ਇੱਟਾਂ ਦੇ ਭੱਠਿਆਂ ਨੂੰ ਸਿਰਫ਼ ਪਰਾਲੀ ਸਾੜਨ ਵਾਲੀਆਂ ਇੱਟਾਂ ਦੀ ਵਰਤੋਂ ਕਰਨ ਦਾ ਹੁਕਮ ਦਿੱਤਾ ਗਿਆ ਹੈ। ਨਿਗਰਾਨੀ ਅਧੀਨ 10 ਜ਼ਿਲ੍ਹੇ - ਫਤਿਹਾਬਾਦ, ਜੀਂਦ, ਕੈਥਲ, ਅੰਬਾਲਾ, ਸਿਰਸਾ, ਕੁਰੂਕਸ਼ੇਤਰ, ਕਰਨਾਲ, ਹਿਸਾਰ, ਯਮੁਨਾਨਗਰ ਅਤੇ ਸੋਨੀਪਤ - ਵਿੱਚ ਪਿਛਲੇ ਸਾਲ ਸਭ ਤੋਂ ਵੱਧ ਮਾਮਲੇ ਸਾਹਮਣੇ ਆਏ ਸਨ। ਇਸੇ ਤਰ੍ਹਾਂ, ਥਰਮਲ ਪਾਵਰ ਪਲਾਂਟ 5 ਪ੍ਰਤੀਸ਼ਤ ਤੱਕ ਪਰਾਲੀ ਤੋਂ ਪ੍ਰਾਪਤ ਉਤਪਾਦਾਂ ਨੂੰ ਬਾਲਣ ਵਜੋਂ ਵਰਤਣਗੇ। ਹਰਿਆਣਾ ਰਾਜ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਹਰਿਆਣਾ ਸਪੇਸ ਐਪਲੀਕੇਸ਼ਨ ਸੈਂਟਰ ਸੈਟੇਲਾਈਟ ਰਾਹੀਂ ਸਥਿਤੀ ਦੀ ਨਿਗਰਾਨੀ ਕਰ ਰਹੇ ਹਨ।

## DSGMC 'ਤੇ ਕਿਸਦਾ ਦਬਾਅ ? DSGMC ਦੇ ਜਨਰਲ ਹਾਊਸ ਵੱਲੋਂ 3 ਸਾਬਕਾ ਪ੍ਰਧਾਨਾਂ ਦੀ ਮੈਂਬਰਸ਼ਿਪ ਰੱਦ



**ਨਵੀਂ ਦਿੱਲੀ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (DSGMC) ਨੇ ਵੱਡੀ ਕਾਰਵਾਈ ਕਰਦਿਆਂ ਅੱਜ ਤਿੰਨ ਸਾਬਕਾ ਪ੍ਰਧਾਨਾਂ ਦੀ ਮੈਂਬਰਸ਼ਿਪ ਰੱਦ ਕਰ ਦਿੱਤੀ ਗਈ ਹੈ। ਜਾਣਕਾਰੀ ਅਨੁਸਾਰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਹਾਊਸ ਵਲੋਂ ਤਿੰਨ ਸਾਬਕਾ ਪ੍ਰਧਾਨਾਂ ਪਰਮਜੀਤ ਸਿੰਘ ਸਰਨਾ, ਹਰਵਿੰਦਰ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਦੀ ਮੈਂਬਰਸ਼ਿਪ ਰੱਦ ਕਰ ਦਿਤੀ ਗਈ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸਿੱਖ ਮਿਸ਼ਨ ਦੇ ਮੈਬਰਾਂ ਨੂੰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਜਨਰਲ ਇਜਲਾਸ ਰੁਕਵਾਉਣ ਲਾਓ ਭੇਜਿਆ ਗਿਆ ਸੀ ਪਰ ਉਨ੍ਹਾਂ ਨੂੰ ਵੀ ਅੰਦਰ ਨਹੀਂ ਦਿੱਤਾ ਗਿਆ। ਇਸ ਤੋਂ ਇਲਾਵਾ ਦਿੱਲੀ ਦੇ ਇੰਚਾਰਜ ਨੂੰ ਵੀ ਦਫ਼ਤਰ ਅੰਦਰ ਜਾਣ ਤੋਂ ਰੋਕਿਆ ਗਿਆ ਅਤੇ ਕਾਫ਼ੀ ਦੇਰ ਬਾਅਦ ਉਨ੍ਹਾਂ ਨੂੰ ਅੰਦਰ ਜਾਣ ਦੀ ਇਜਾਜ਼ਤ ਮਿਲੀ ਸੀ। ਸਿੱਖ ਮਿਸ਼ਨ ਵੱਲੋਂ ਦਿੱਲੀ ਕਮੇਟੀ ਮੈਂਬਰ (ਜਤਿੰਦਰ ਸਿੰਘ) ਨੂੰ ਹੁਕਮਨਾਮਾ ਸੌਂਪਿਆ ਗਿਆ ਹੈ। ਇਸ ਤੋਂ ਪਹਿਲਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਜਨਰਲ ਇਜਲਾਸ ਨੂੰ ਗੈ.ਰ-ਕਾਨੂੰਨੀ ਦੱਸਿਆ ਗਿਆ ਸੀ। ਇਸ ਤੋਂ ਇਲਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਵੀ ਜਨਰਲ ਇਜਲਾਸ ਨੂੰ ਗੈ.ਰ-ਕਾਨੂੰਨੀ ਦਿੱਤਾ ਅਤੇ ਇਸ ਨੂੰ ਗੈਰ ਕਾਨੂੰਨੀ ਦੱਸਿਆ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਕਿਹਾ ਹੈ ਕਿ ਇਹ ਇਜਲਾਸ ਸਿੱਖ ਰਿਵਾਇਤਾਂ ਦੇ ਵਿਰੁੱਧ ਹੈ। ਦੱਸ ਦੇਈਏ ਕਿ ਪਿਛਲੇ ਕੁੱਝ ਸਮੇਂ ਤੋਂ ਸਰਨਾ ਭਰਾਵਾਂ ਤੇ ਮਨਜੀਤ ਸਿੰਘ ਜੀ.ਕੇ.ਵੱਲੋਂ ਦਿੱਲੀ ਕਮੇਟੀ 'ਤੇ ਸਵਾਲ ਚੁੱਕੇ ਜਾ ਰਹੇ ਸਨ। ਕੁੱਝ ਮਹੀਨੇ ਪਹਿਲਾਂ ਸਰਨਾ ਭਰਾਵਾਂ ਤੇ ਮਨਜੀਤ ਸਿੰਘ ਜੀ.ਕੇ.ਵੱਲੋਂ ਪ੍ਰਧਾਨ ਮੰਤਰੀ ਨੂੰ ਚਿੱਠੀ ਲਿਖੀ ਗਈ ਸੀ ਕਿ ਦਿੱਲੀ ਕਮੇਟੀ ਦੇ ਅੰਦਰ ਕੁੱਝ ਗੜਬੜੀ ਚੱਲ ਰਹੀਆਂ ਹਨ ,ਜਿਸ ਨੂੰ ਰੋਕਿਆ ਜਾਵੇ। ਸ਼ਾਇਦ ਇਸ ਕਰਕੇ ਦਿੱਲੀ ਕਮੇਟੀ ਨੇ ਉਨ੍ਹਾਂ ਦੀ ਮੈਂਬਰਸ਼ਿਪ ਰੱਦ ਕਰ ਦਿਤੀ ਹੈ।

## ਸ੍ਰੀ ਅਕਾਲ ਤਖਤ ਸਾਹਿਬ ਨੇ ਸੱਦੇ ਜਨਰਲ ਇਜਲਾਸ ਨੂੰ ਗੈਰ-ਕਾਨੂੰਨੀ ਦਿੱਤਾ ਕਰਾਰ




**ਨਵੀਂ ਦਿੱਲੀ/ਅੰਮ੍ਰਿਤਸਰ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਇਜਲਾਸ ਨਾਲ ਜੁੜੀ ਵੱਡੀ ਖਬਰ ਸਾਹਮਣੇ ਆਈ ਹੈ। ਦਰਅਸਲ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਅੱਜ ਸੱਦੇ ਗਏ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਰਨਲ ਇਜਲਾਸ ਨੂੰ ਗੈਰ ਕਾਨੂੰਨੀ ਕਰਾਰ ਦਿੱਤਾ ਹੈ। ਦੱਸ ਦਈਏ ਕਿ ਸ੍ਰੀ ਅਕਾਲ ਤਖਤ ਸਾਹਿਬ ਨੇ ਇਜਲਾਸ ਨੂੰ ਇੱਕਤਰਫਾ ਦੱਸਦੇ ਹੋਏ ਰੋਕ ਲਾਈ ਗਈ ਹੈ। ਇਸ ਸਬੰਧੀ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਇੱਕ ਪੱਤਰ ਵੀ ਜਾਰੀ ਕੀਤਾ ਗਿਆ ਹੈ। ਜਿਸ ਮੁਤਾਬਿਕ ਵੱਖ-ਵੱਖ ਸਿੱਖ ਸ਼ਖਸੀਅਤਾਂ, ਪ੍ਰਧਾਨ ਸਾਹਿਬ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੁਜੀਆਂ ਲਿਖਤੀ ਸ਼ਿਕਾਇਤਾਂ ਦੇ ਸਬੰਧ 'ਚ ਸਤਿਕਾਰਯੋਗ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਵੱਲੋਂ ਹੋਏ ਆਦੇਸ਼ ਅਨੁਸਾਰ ਲਿਖਿਆ ਜਾਂਦਾ ਹੈ ਕਿ ਜੋ ਮਿਲੀ 24 ਅਕਤੂਬਰ 2025 ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੀ ਵਿਸ਼ੇਸ਼ ਇੱਕਠਤਾ ਹੋਈ। ਜਿਸ ਨੂੰ ਗੈਰ ਕਾਨੂੰਨੀ ਅਤੇ ਮਨਮਰਜ਼ੀ ਵਾਲਾ ਕਿਹਾ ਜਾਂਦਾ ਹੈ। ਇਸ ਇਕੱਤਰਤਾ ਦੇ ਏਜੰਡਾ ਤੋਂ ਸਪੱਸ਼ਟ ਹੈ ਕਿ ਜਦੋਂ ਸਮੁੱਚਾ ਖਾਲਸਾ ਪੰਥ ਇਕਜੁੱਟਤਾ ਨਾਲ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350ਵਾਂ ਸ਼ਤਾਬਦੀ ਮਨਾ ਰਿਹਾ ਹੈ ਅਤੇ ਇਸ ਸਬੰਧ 'ਚ ਵਿਸ਼ੇਸ਼ ਸ਼ਹੀਦੀ ਨਗਰ ਕੀਰਤਨ ਤੇ ਗੁਰਮਤਿ ਸਮਾਗਮ ਦਿੱਲੀ ਵਿਖੇ ਸਜਾਏ ਜਾ ਰਹੇ ਹਨ. ਉਸ ਸਮੇਂ ਇਹ ਕਾਰਵਾਈ ਪੰਥਕ ਇਕਜੁੱਟਤਾ ਨੂੰ ਸੱਟ ਮਾਰ ਸਕਦੀ ਹੈ। ਇਹੋ ਜਿਹੇ ਇਤਿਹਾਸਿਕ ਮੌਕਿਆਂ ਉੱਤੇ ਕਿਸੀ ਵੀ ਧਿਰ ਨੂੰ ਇੱਕ ਦੂਜੇ ਖਿਲਾਫ ਇਲਜ਼ਾਮ ਲਗਾਉਣ, ਕਿਰਦਾਰਕੁਸ਼ੀ ਕਰਨ ਤੋਂ ਗੁਰੇਜ ਕਰਨਾ ਚਾਹੀਦਾ ਹੈ ਅਤੇ ਪੰਥਕ ਏਕਤਾ ਦੀ ਭਾਵਨ ਨੂੰ ਤਰਜੀਹ ਦੇਣੀ ਚਾਹੀਦੀ ਹੈ।

# ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਮੁੜ ਕੀਤੀ ਦਸਤਾਰਬੰਦੀ

## ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸਿੱਖ ਜਥੇਬੰਦੀਆਂ ਨੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦਾ ਦਸਤਾਰਾਂ ਦੇ ਕੇ ਕੀਤਾ ਸਨਮਾਨ








**ਸ੍ਰੀ ਅਨੰਦਪੁਰ ਸਾਹਿਬ/ਅੰਮ੍ਰਿਤਸਰ**, 25 **ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਕਰਵਾਏ ਗਏ ਵਿਸ਼ੇਸ਼ ਸਮਾਗਮ ਦੌਰਾਨ ਤਖ਼ਤ ਸਾਹਿਬਾਨ ਦੇ ਜਥੇਦਾਰ, ਨਿਹੰਗ ਸਿੰਘ ਦਲਾਂ, ਸਿੱਖ ਜਥੇਬੰਦੀਆਂ, ਸੰਪਰਦਾਵਾਂ ਅਤੇ ਸਭਾ ਸੁਸਾਇਟੀਆਂ ਵੱਲੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦਾ ਦਸਤਾਰਾਂ ਦੇ ਕੇ ਸਨਮਾਨ ਕੀਤਾ ਗਿਆ। ਇਸ ਸਮਾਗਮ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁੱਖੀ ਜਥੇਦਾਰ ਬਲਬੀਰ ਸਿੰਘ 96ਵੇਂ ਕਰੋੜੀ, ਦਲ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਤਰਨਾ ਦਲ ਬਾਬਾ ਬਕਾਲਾ ਦੇ ਮੁੱਖੀ ਬਾਬਾ ਜੋਗਾ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਬਲਦੇਵ ਸਿੰਘ, ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਮੀਤ ਜਥੇਦਾਰ ਗਿਆਨੀ ਜੋਤਇੰਦਰ ਸਿੰਘ, ਬਾਬਾ ਨਿਹਾਲ ਸਿੰਘ ਤਰਨਾ ਦਲ ਹਰੀਆਂ ਵੇਲਾਂ ਵਾਲਿਆਂ ਵੱਲੋਂ ਬਾਬਾ ਨਾਗਰ ਸਿੰਘ, ਪਟਨਾ ਸਾਹਿਬ ਦੇ ਅਡੀਸ਼ਨਲ ਹੈਡ ਗ੍ਰੰਥੀ ਗਿਆਨੀ ਗੁਰਦਿਆਲ ਸਿੰਘ, ਸ਼੍ਰੋਮਣੀ ਅਕਾਲੀ ਦਲ ਵੱਲੋਂ ਡਾ. ਦਲਜੀਤ ਸਿੰਘ ਚੀਮਾ, ਬਾਬਾ ਜਗਜੀਤ ਸਿੰਘ ਹਰਖੋਵਾਲ ਸਮੇਤ ਵੱਖ ਵੱਖ ਸੰਸਥਾਵਾਂ ਦੇ ਮੁੱਖੀਆਂ ਵਲੋਂ ਸਿੰਘ ਸਾਹਿਬ ਨੂੰ ਸਨਮਾਨ ਦਿੱਤਾ ਗਿਆ।

ਇਸ ਮੌਕੇ ਸੰਗਤਾਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿੱਖ ਪੰਥ ਦੀ ਇਹ ਵਿਲੱਖਣਤਾ ਹੈ ਕਿ ਇਸ ਦੀਆਂ ਜਥੇਬੰਦੀਆਂ ਨੇ ਹਮੇਸ਼ਾ ਪੰਥਕ ਰਵਾਇਤਾਂ ਤੇ ਪਹਿਰਾ ਦਿੱਤਾ ਹੈ। ਉਨ੍ਹਾਂ ਆਖਿਆ ਕਿ ਖਾਲਸਾ ਪੰਥ ਵੱਡਾ ਹੈ ਅਤੇ ਵੱਡਾ ਰਹੇਗਾ, ਜਦਕਿ ਮੈਂ ਪੰਥ ਸਾਹਮਣੇ ਇਕ ਵਾਰ ਨਹੀਂ ਹਜ਼ਾਰ ਵਾਰ ਝੁੱਕਦਾ ਹਾਂ। ਖਾਲਸਾ ਪੰਥ ਗੁਰੂ ਦਾ ਰੂਪ ਹੈ ਅਤੇ ਮੈਂ ਹਮੇਸ਼ਾ ਪੰਥ ਦੀਆਂ ਰਵਾਇਤਾਂ, ਪ੍ਰੰਪਰਾਵਾਂ ਤੇ ਸਿਧਾਂਤਾਂ ਅਨੁਸਾਰ ਪੰਥ ਦੀ ਸੇਵਾ ਕਰਨ ਦੀ ਕੋਸ਼ਿਸ਼ ਕੀਤੀ ਹੈ। ਗਿਆਨੀ ਕੁਲਦੀਪ ਸਿੰਘ ਨੇ ਕਿਹਾ ਕਿ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਪੰਥ ਦਾ ਇਕੱਠੇ ਹੋਣਾ ਪੰਥਕ ਏਕਤਾ ਦਾ ਪ੍ਰਗਟਾਵਾ ਹੈ। ਉਨ੍ਹਾਂ ਸਿੱਖ ਜਥੇਬੰਦੀਆਂ ਅਤੇ ਸੰਪ੍ਰਦਾਵਾਂ ਦੇ ਇਤਿਹਾਸ ਨੂੰ ਮਹਾਨ ਕਰਾਰ ਦਿੰਦਿਆਂ ਕਿਹਾ ਕਿ ਇਨ੍ਹਾਂ ਜਥੇਬੰਦੀਆਂ, ਸੰਪ੍ਰਦਾਵਾਂ ਤੇ ਟਕਸਾਲਾਂ ਸਦਕਾ ਹੀ ਕੌਮ ਦੀਆਂ ਰਵਾਇਤਾਂ ਜਿੰਦਾ ਹਨ। ਉਨ੍ਹਾਂ ਐਲਾਨ ਕੀਤਾ ਕਿ ਸਾਰੀਆਂ ਜਥੇਬੰਦੀਆਂ ਅਤੇ ਸੰਪ੍ਰਦਾਵਾਂ ਦੇ ਸਹਿਯੋਗ ਨਾਲ ਕੌਮੀ ਚੁਣੌਤੀਆਂ ਅਤੇ ਧਰਮ ਪਰਵਰਤਨ ਜਿਹੇ ਚਲਣ ਦਾ ਇਕਜੁਟਤਾ ਨਾਲ ਮੁਕਾਬਲਾ ਕੀਤਾ ਜਾਵੇਗਾ। ਜਥੇਦਾਰ ਗਿਆਨੀ ਕੁਲਦੀਪ ਸਿੰਘ ਨੇ ਸਮਾਗਮ ਵਿਚ ਆਈਆਂ ਸਾਰੀਆਂ ਜਥੇਬੰਦੀਆਂ ਦੇ ਨੁਮਾਇੰਦਿਆਂ ਦਾ ਧੰਨਵਾਦ ਕਰਦਿਆਂ ਵਚਨਬੱਧਤਾ ਪ੍ਰਗਟਾਈ ਕਿ ਉਹ ਪੰਥ ਦੇ ਸੇਵਾਦਾਰ ਹਨ ਅਤੇ ਹਮੇਸ਼ਾ ਪੰਥ ਨੂੰ ਸਮਰਪਤ ਹੋ ਕੇ ਸੇਵਾ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਮੌਕੇ ਪੰਥ ਦਾ ਸਿਰਜੋੜ ਬੈਠਣਾ ਸਮੇਂ ਦੀ ਲੋੜ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਪੰਥਕ ਕਾਰਜਾਂ ਅਤੇ ਕੌਮੀ ਇਕਜੁਟਤਾ ਲਈ ਨਿਭਾਈ ਜਾ ਰਹੀ ਜਿੰਮੇਵਾਰੀ ਦੀ ਪ੍ਰਸ਼ੰਸਾ ਕਰਦਿਆਂ ਨਿਹੰਗ ਸਿੰਘ ਦਲਾਂ ਅਤੇ ਜਥੇਬੰਦੀਆਂ ਵੱਲੋਂ ਸਹਿਯੋਗ ਦੀ ਵਚਨਬੱਧਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਪੰਥਕ ਮਰਯਾਦਾ ਵੱਡੀ ਹੈ, ਜਿਸ ਦੀ ਪਹਿਰੇਦਾਰੀ ਸਭ ਨੂੰ ਕਰਨੀ ਚਾਹੀਦੀ ਹੈ। ਬਾਬਾ ਬਲਬੀਰ ਸਿੰਘ ਨੇ ਕਿਹਾ ਕਿ ਪੰਥਕ ਏਕਤਾ ਹੀ ਸਾਰੀਆਂ ਚੁਣੌਤੀਆਂ ਤੇ ਮੁਸ਼ਕਲਾਂ ਦਾ ਹੱਲ ਹੈ, ਜਿਸ ਪ੍ਰਤੀ ਪੰਥ ਸੁਚੇਤ ਹੈ ਅਤੇ ਇਸੇ ਤਰ੍ਹਾਂ ਇਕੱਠਾ ਰਹੇਗਾ। ਉਨ੍ਹਾਂ ਕਿਹਾ ਕਿ ਪੰਥ ਦੀਆਂ ਜਥੇਬੰਦੀਆਂ ਨੇ ਔਖੇ ਸਮਿਆਂ ਦੌਰਾਨ ਵੀ ਪੰਥ ਦਾ ਸਾਥ ਦਿੱਤਾ ਅਤੇ ਕਦੇ ਵੀ ਪਿੱਛੇ ਨਹੀਂ ਹਟੀਆ। ਮੌਜੂਦਾ ਸਮੇਂ ਵੀ ਇਹ ਜਥੇਬੰਦੀਆਂ ਕੌਮੀ ਇਕਜੁਟਤਾ ਲਈ ਤਤਪਰ ਰਹਿੰਦੀਆਂ ਹਨ। ਉਨ੍ਹਾਂ ਕਿਹਾ ਕਿ ਪੰਥ ਅੰਦਰ ਮਰਯਾਦਾ ਅਹਿਮ ਹੈ ਅਤੇ ਜਥੇਬੰਦੀਆਂ ਹਮੇਸ਼ਾ ਮਰਯਾਦਾ ਦੀ ਪਹਿਰੇਦਾਰੀ ਕਰਦੀਆਂ ਹਨ। ਸਮਾਗਮ ਦੌਰਾਨ ਸਟੇਜ ਦੀ ਸੇਵਾ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਵੱਲੋਂ ਨਿਭਾਈ ਗਈ। ਇਸ ਤੋਂ ਪਹਿਲਾਂ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਅਰਦਾਸ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਨੇ ਕੀਤੀ।

ਸਮਾਗਮ ਦੌਰਾਨ ਬਾਬਾ ਮੋਹਨ ਸਿੰਘ ਬਾਰਨ ਵਾਲੇ, ਦਮਦਮੀ ਟਕਸਾਲ ਸੰਗਰਾਵਾਂ ਦੇ ਮੁਖੀ ਗਿਆਨੀ ਰਾਮ ਸਿੰਘ, ਬਾਬਾ ਘਾਲਾ ਸਿੰਘ ਨਾਨਕਸਰ ਵਾਲੇ, ਬਾਬਾ ਗੁਰਦੇਵ ਸਿੰਘ ਕੁਲੀ ਵਾਲੇ, ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂ ਵੱਲੋਂ ਬਾਬਾ ਗੁਰਪ੍ਰੀਤ ਸਿੰਘ ਜੀ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਸ. ਪਰਮਜੀਤ ਸਿੰਘ ਖਾਲਸਾ, ਬੀਬੀ ਹਰਜਿੰਦਰ ਕੌਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਬਾਬਾ ਬੂਟਾ ਸਿੰਘ, ਸ.ਅਜਮੇਰ ਸਿੰਘ ਖੇੜਾ, ਸ. ਗੁਰਬਖਸ਼ ਸਿੰਘ ਖਾਲਸਾ, ਬੀਬੀ ਦਵਿੰਦਰ ਕੌਰ ਕਾਲੜਾ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸੀਨੀਅਰ ਅਕਾਲੀ ਆਗੂ ਸ. ਸੁੱਚਾ ਸਿੰਘ ਲੰਗਾਹ, ਸਕੱਤਰ ਸ. ਪ੍ਰਤਾਪ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਸ੍ਰੀ ਦਰਬਾਰ ਸਾਹਿਬ ਮੈਨੇਜਰ ਸ. ਭਗਵੰਤ ਸਿੰਘ ਧੰਘੇੜਾ, ਬਾਬਾ ਜੀਤ ਸਿੰਘ ਜੌਹਲਾਂ ਵਾਲੇ, ਸ਼ਹੀਦ ਭਾਈ ਸਤਵੰਤ ਸਿੰਘ ਦੇ ਪਰਿਵਾਰ ਵੱਲੋਂ ਬਾਬਾ ਸੁਖਵਿੰਦਰ ਸਿੰਘ ਅਗਵਾਨਾਂ ਵਾਲੇ, ਸਾਬਕਾ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ ਏ ਮਸਕੀਨ, ਗਿਆਨੀ ਪ੍ਰਤਾਪ ਸਿੰਘ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ, ਬਾਬਾ ਸੁਖਵਿੰਦਰ ਸਿੰਘ ਮਲਕਪੁਰ, ਬਾਬਾ ਮੇਜਰ ਸਿੰਘ ਸੋਢੀ, ਬਾਬਾ ਬਲਦੇਵ ਸਿੰਘ ਵੱਲਾ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ, ਭਾਈ ਇੰਦਰਜੀਤ ਸਿੰਘ ਨਿਸ਼ਕਾਮ ਸੇਵਕ ਜਥਾ, ਬਾਬਾ ਜੋਗਾ ਸਿੰਘ ਕਰਨਾਲ, ਬਾਬਾ ਗੁਰਪ੍ਰੀਤ ਸਿੰਘ ਬਾਬਾ ਬਕਾਲਾ, ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਸ. ਜਤਿੰਦਰਪਾਲ ਸਿੰਘ ਗੋਲਡੀ, ਸ.ਗੁਰਮੀਤ ਸਿੰਘ, ਬਾਬਾ ਖੜਕ ਸਿੰਘ, ਬਾਬਾ ਗੁਰਦੇਵ ਸਿੰਘ, ਬਾਬਾ ਬਲਵਿੰਦਰ ਸਿੰਘ ਮਹਿਤਾ ਚੌਂਕ, ਬਾਬਾ ਹਰਜੀਤ ਸਿੰਘ, ਬਾਬਾ ਪ੍ਰਤਾਪ ਸਿੰਘ ਪਟਿਆਲਾ, ਬਾਬਾ ਦਵਿੰਦਰ ਸਿੰਘ ਸੰਪਰਦਾਏ ਹੋਤੀ ਮਰਦਾਨ, ਬਾਬਾ ਤਰਸੇਮ ਸਿੰਘ ਮੋਰਾਂਵਾਲੀ, ਮਹੰਤ ਚਮਕੌਰ ਸਿੰਘ, ਸ੍ਰੀ ਮਹੰਤ ਰੇਸ਼ਮ ਸਿੰਘ, ਬਾਬਾ ਸੁਖਪਾਲ ਸਿੰਘ, ਬਾਬਾ ਬਲਦੇਵ ਸਿੰਘ ਮੁਸਤਫਾਪੁਰ, ਬਾਬਾ ਕਸ਼ਮੀਰ ਸਿੰਘ ਬਟਾਲਾ, ਬਾਬਾ ਸੁਖਵਿੰਦਰ ਸਿੰਘ ਮਲਕਪੁਰ, ਡਾ. ਇੰਦਰਬੀਰ ਸਿੰਘ ਨਿੱਜਰ ਪ੍ਰਧਾਨ ਚੀਫ਼ ਖ਼ਾਲਸਾ ਦੀਵਾਨ, ਭਾਈ ਹਰਜੀਤ ਸਿੰਘ ਚੇਅਰਮੈਨ ਸਿੱਖ ਮਿਸ਼ਨਰੀ ਕਾਲਜ ਲੁਧਿਆਣਾ, ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਦੇ ਚੇਅਰਮੈਨ ਸਰਦਾਰ ਹਰਜੀਤ ਸਿੰਘ ਤੇ ਸਰਦਾਰ ਗੁਰਜੀਤ ਸਿੰਘ ਆਜ਼ਾਦ ਲੁਧਿਆਣਾ, ਸ.ਰਣਜੀਤ ਸਿੰਘ ਟੌਹੜਾ, ਬਾਬਾ ਤੇਜਾ ਸਿੰਘ ਖੁੱਡਾ ਕਰਾਲਾ, ਬਾਬਾ ਤੀਰਥ ਸਿੰਘ, ਬਾਬਾ ਜਰਨੈਲ ਸਿੰਘ, ਮਹੰਤ ਕਰਮਜੀਤ ਸਿੰਘ, ਬਾਬਾ ਜੋਗਾ ਸਿੰਘ, ਮਹੰਤ ਸੁਰਿੰਦਰ ਸਿੰਘ, ਬਾਬਾ ਜੋਗਿੰਦਰ ਸਿੰਘ, ਬਾਬਾ ਅਰਵਿੰਦਰ ਸਿੰਘ ਨਾਨਕਸਰ ਕਲੇਰਾਂ, ਬਾਬਾ ਬਲਬੀਰ ਸਿੰਘ, ਬਾਬਾ ਹਰੀ ਸਿੰਘ ਨਾਨਕਸਰ, ਬਾਬਾ ਕੁਲਵੰਤ ਸਿੰਘ, ਇੰਚਾਰਜ ਸ. ਗੁਰਮੇਜ ਸਿੰਘ, ਮੈਨੇਜਰ ਸ. ਰਜਿੰਦਰ ਸਿੰਘ ਰੂਬੀ, ਸ. ਗੁਰਦੀਪ ਸਿੰਘ ਕੰਗ, ਸ. ਰਣਜੀਤ ਸਿੰਘ, ਸ. ਹਰਦੀਪ ਸਿੰਘ, ਸ. ਜਸਬੀਰ ਸਿੰਘ, ਹਰਵਿੰਦਰ ਸਿੰਘ, ਸ. ਜਸਬੀਰ ਸਿੰਘ, ਸ. ਨਰਿੰਦਰਜੀਤ ਸਿੰਘ, ਸ. ਧਰਮਿੰਦਰ ਸਿੰਘ, ਸ. ਹਰਦੇਵ ਸਿੰਘ, ਸ. ਸੰਦੀਪ ਸਿੰਘ ਕਲੋਤਾ, ਬਾਬਾ ਗੁਰਮੀਤ ਸਿੰਘ ਬੜੂ ਸਾਹਿਬ, ਬਾਬਾ ਕੁਲਵੰਤ ਸਿੰਘ ਮਹਿੰਦੀਆਣਾ, ਬਾਬਾ ਹਰਭਜਨ ਸਿੰਘ, ਬਾਬਾ ਤੀਰਥ ਸਿੰਘ, ਬਾਬਾ ਜਗਦੀਪ ਸਿੰਘ ਜਗਾਧਰੀ, ਬਾਬਾ ਮੁਖਤਿਆਰ ਸਿੰਘ, ਬਾਬਾ ਬੁੱਧ ਸਿੰਘ ਨਿੱਕੇ ਘੁੰਮਣ, ਬਾਬਾ ਅਵਤਾਰ ਸਿੰਘ ਟਿੱਬੀ ਸਾਹਿਬ ਵਾਲੇ, ਬੀਬੀ ਮਨਦੀਪ ਕੌਰ ਸੰਧੂ, ਜਿਲ੍ਹਾ ਪ੍ਰਧਾਨ ਸ. ਦਰਬਾਰਾ ਸਿੰਘ ਬਾਲਾ, ਬਾਬਾ ਮੋਹਨ ਸਿੰਘ ਮੱਦੀਪੁਰ, ਪਰਮਜੀਤ ਸਿੰਘ ਮੱਕੜ, ਗਿਆਨੀ ਨਰਿੰਦਰ ਸਿੰਘ ਮਹਿਤਾ ਚੌਂਕ, ਜਵੱਦੀ ਟਕਸਾਲ ਵੱਲੋਂ ਗਿਆਨੀ ਗੁਰਵਿੰਦਰ ਸਿੰਘ, ਭਾਈ ਗੁਰਜੀਤ ਸਿੰਘ ਆਜ਼ਾਦ ਲੁਧਿਆਣਾ, ਬਾਬਾ ਮੁਖਤਿਆਰ ਸਿੰਘ ਮੁਖੀ ਯੂਐਸਏ, ਬਾਬਾ ਮਹਿੰਦਰ ਸਿੰਘ ਜਨੇਰ ਟਕਸਾਲ, ਬਾਬਾ ਗੁਰਦੇਵ ਸਿੰਘ ਦਸੂਹੇ ਵਾਲੇ, ਗਿਆਨੀ ਦਇਆ ਕਰਨ ਸਿੰਘ ਨਾਭਾ, ਬਾਬਾ ਮੁਖਤਿਆਰ ਸਿੰਘ ਮੁਖੀ ਯੂਐਸਏ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥



ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਾ ਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ





# 29ਵਾਂ ਸਲਾਨਾ ਗੁਰਮਤਿ ਸਮਾਗਮ

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ** ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404
ਸੰਪਰਕ ਨੰ. 98141-27470, 84278-66404, 73408-35137



# ਸਾਂਝਾ ਪੰਜਾਬ

## VEG & NON-VEG INDIAN

**WE CATER FOR**

★★★★★









## SANJHA PUNJAB

**VEG & NON-VEG INDIAN**

**TAKE AWAY MENU**

0116 291 1565

075 9999 5787

47 BELGRAVE ROAD

LEICESTER LE4 6AR

visit us : www.sanjhapunjab.co.uk

email: sanjha47@hotmail.com

## SANJHA PUNJAB

**VEG & NON-VEG INDIAN**

0116 291 1565

visit us : www.sanjhapunjab.co.uk

email: sanjha47@hotmail.com

**ALLERGY ADVICE !!**

Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM

International Newspaper & WEB TV

# ਬੱਬਰਾਂ ਦੇ ਹਾਈਕੋਰਟ ਗੁਰਦੁਆਰਾ ਸਹੀਦਾਂ ਜੱਸੋਵਾਲ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਮਿਤ ਸਮਾਗਮਾਂ ਦੀ ਹੋਈ ਆਰੰਭਤਾ











ਜੱਸੋਵਾਲ - ਗੁਰਦੁਆਰਾ ਸ਼ਹੀਦਾਂ ਜੱਸੋਵਾਲ (ਬੱਬਰਾਂ ਦਾ ਹਾਈ ਕੋਰਟ) ਵਿਖੇ 1 ਨਵੰਬਰ ਨੂੰ ਹੋਣ ਵਾਲੇ ਵੱਡੇ ਧਾਰਮਿਕ ਸਮਾਗਮ ਲਈ ਤਿਆਰੀਆਂ ਜੋਰਾਂ 'ਤੇ ਹਨ। ਇਸ ਸਬੰਧ ਵਿੱਚ ਸੰਤ ਚਰਨਜੀਤ ਸਿੰਘ ਜੱਸੋਵਾਲ, ਜੋ ਕਿ ਦਮਦਮੀ ਟਕਸਾਲ ਦੇ ਮੈਂਬਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਬੁਲਾਰੇ ਹਨ, ਨੇ ਅੱਜ ਪਿੰਡ ਉਗੋਵਾਲ ਦੀਆਂ ਸੰਗਤਾਂ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਪੱਤਰ ਦੇ ਕੇ ਸਮਾਗਮ ਵਿੱਚ ਸ਼ਿਰਕਤ ਕਰਨ ਦੀ ਬੇਨਤੀ ਕੀਤੀ। ਸੰਤ ਚਰਨਜੀਤ ਸਿੰਘ ਜੱਸੋਵਾਲ ਨੇ ਕਿਹਾ ਕਿ ਗੁਰਦੁਆਰਾ ਸਹੀਦਾਂ ਜੱਸੋਵਾਲ ਵਿਖੇ ਇਹ ਸਮਾਗਮ ਗੁਰਮਤਿ ਪ੍ਰਚਾਰ, ਕੀਰਤਨ ਦਰਬਾਰ ਅਤੇ ਪੰਥਕ ਏਕਤਾ ਨੂੰ ਮਜ਼ਬੂਤ ਕਰਨ ਲਈ ਸਮਰਪਿਤ ਹੈ। ਉਨ੍ਹਾਂ ਨੇ ਕਿਹਾ ਕਿ ਸੰਗਤਾਂ ਨੂੰ ਅਪੀਲ ਕੀਤੀ ਗਈ ਹੈ ਕਿ ਵੱਡੀ ਗਿਣਤੀ ਵਿੱਚ ਪਹੁੰਚ ਕੇ ਗੁਰਬਾਣੀ ਦਾ ਲਾਹਾ ਲੈਣ।

ਆਵਾਜ਼ਿ ਕੌਮ
AWAZE QAUM
International Newspaper & WEB TV

## ਸਮਾਗਮ ਦੀਆਂ ਤਰੀਖਾਂ ਤੇ ਵਿਸ਼ੇਸ਼ ਪ੍ਰੋਗਰਾਮ:

**ਤਾਰੀਖ਼: 1 ਨਵੰਬਰ 2025**

**ਸਥਾਨ: ਗੁਰਦੁਆਰਾ ਸਹੀਦਾਂ ਜੱਸੋਵਾਲ (ਬੱਬਰਾਂ ਦਾ ਹਾਈ ਕੋਰਟ)**

**ਆਯੋਜਕ: ਸੰਤ ਚਰਨਜੀਤ ਸਿੰਘ ਜੱਸੋਵਾਲ, ਦਮਦਮੀ ਟਕਸਾਲ / ਇੰਟਰਨੈਸ਼ਨਲ ਪੰਥਕ ਦਲ)**

✶ ਜਾਰੀ ਕਰਤਾ ✶

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

**(ਦਮਦਮੀ ਟਕਸਾਲ ਮੈਂਬਰ, ਸ਼੍ਰੋਮਣੀ ਕਮੇਟੀ, ਅੰਤਰਰਾਸ਼ਟਰੀ ਮੁੱਖ ਬੁਲਾਰੇ, ਇੰਟਰਨੈਸ਼ਨਲ ਪੰਥਕ ਦਲ)**

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥



ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ

20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

## ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

## 1 ਨਵੰਬਰ 2025 ਦਿਨ ਸ਼ਨੀਵਾਰ ਨੂੰ

ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404



ਆਵਾਜ਼ਿ ਕੌਮ AWAZE QAUM International Newspaper & WEB TV




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


SRI GURU TEGH BAHADUR SAHIB JI
350TH
SHAHEEDI DIVAS
350 ਸ਼ਹੀਦੀ ਸਮਾਗਮ
ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ 350 ਸਾਲਾ ਸ਼ਹੀਦੀ ਪੁਰਬ ਨੂੰ ਸਮਰਪਿਤ
ਸ਼ਹੀਦ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ ਸ਼ਹੀਦੀ ਨੂੰ ਸਮਰਪਿਤ
23 ਤੋਂ 26 ਅਕਤੂਬਰ 2025 ਤੱਕ
23 ਅਕਤੂਬਰ (ਵੀਰਵਾਰ)
ਪਾਠ ਸ੍ਰੀ ਸੁਖਮਨੀ ਸਾਹਿਬ – ਦੁਪਹਿਰ 3:00 ਵਜੇ
ਦੀਵਾਨ – 3:00 ਵਜੇ ਤੋਂ 8:30 ਵਜੇ ਤੱਕ
24 ਅਕਤੂਬਰ (ਸ਼ੁੱਕਰਵਾਰ)
ਦੀਵਾਨ – ਸਵੇਰੇ 5:30 ਵਜੇ ਤੋਂ ਰਾਤ 8:30 ਵਜੇ ਤੱਕ
25 ਅਕਤੂਬਰ (ਸ਼ਨੀਵਾਰ)
ਦੀਵਾਨ – ਸਵੇਰੇ 5:30 ਵਜੇ ਤੋਂ ਰਾਤ 9:00 ਵਜੇ ਤੱਕ
26 ਅਕਤੂਬਰ (ਐਤਵਾਰ)
ਸ੍ਰੀ ਸਹਿਜ ਪਾਠ ਭੋਗ – ਸਵੇਰੇ 10:00 ਵਜੇ
ਦੀਵਾਨ – ਸਵੇਰੇ 5:30 ਵਜੇ ਤੋਂ ਸ਼ਾਮ 7:00 ਵਜੇ ਤੱਕ
ਕਾਰ ਪਾਰਕ
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ
126-128 High St, West Bromwich B70 6JW
ਆਵਾਜ਼ਿ ਕੌਮ AWAZE QAUM International Newspaper & WEB TV
ਸੈਂਡਵੈਲ ਦੇ ਸਮੂਹ ਗੁਰਦੁਆਰਿਆਂ ਸਾਹਿਬ ਦੇ ਸਹਿਜੋਗ ਨਾਲ ਸਾਂਝੇ ਤੋਰ ਤੇ ਅਤੇ ਸਮੂਹ ਸਾਧ ਸੰਗਤ ਦੇ ਸਹਿਜੋਗ ਨਾਲ ਚਾਰ ਦਿਨਾਂ ੩੫੦ ਸਾਲਾਂ ਸ਼ਹੀਦੀ ਸਮਾਗਮ ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ ਵੈਸਟ ਬਰੋਮਵਿਚ ਦੀ ਕਾਰ ਪਾਰਕਿੰਗ ਵਿੱਚ ਮਨਾਇਆ ਜਾ ਰਿਹਾ ਹੈ
ਗੁਰਦੁਆਰਾ ਨਾਨਕਸਰ - ਸਮੈਥਵਿਕ
ਗੁਰਦੁਆਰਾ ਸਚਖੰਡ ਝਿਸ਼ਰ ਦਰਬਾਰ
ਗੁਰਦੁਆਰਾ ਗੁਰੂ ਹਰਗੋਬਿੰਦ ਸਾਹਿਬ ਜੀ ਟਿਵੀਡੇਲ
Sikh Council Sandwell
Guru Nanak Gurdwara
ਹਰਿਰਾਇ Sri Guru HarRai Sahib Ji
Gurdwara Guru Maneyo Granth OLDBURY
GURDWARA OLDBURY
Bhai Khalsa Singh – 07454 023665 | Bhai Jatinder Singh – 07955 555840 | Bhai Ranjit Singh – 07587 156997 | Bhai Jagtar Singh – 07769 294279
Bhai Daya Singh (Hilltop) – 07837 529547 | Bhai Harjit Singh – 07950 266522 | Bhai Raghver Singh – 07930 908368 | Bhai Balvinder Singh – 07795 220835
Bhai Varinder Singh – 07435 123456 | Bhai Gurnam Singh – 07816 262046 | Bhai Gurmeet Singh – 07930 347140 | Bhai Daya Singh – 07772 222181


SRI GURU TEGH BAHADUR SAHIB JI
350TH
SHAHEEDI DIVAS
350TH SHAHEEDI SMAGAM
DEDICATED TO THE 350TH SHAHEEDI OF
SRI GURU TEGH BAHADUR SAHIB JI
In memory of Shaheeds Bhai Mati Das Ji, Bhai Sati Das Ji, and Bhai Dayala Ji
23RD – 26TH OCTOBER 2025
23rd October (Thursday)
Path Sri Sukhmani Sahib – 3:00 PM
Divaan – 3:00 PM to 8:30 PM
24th October (Friday)
Divaan – 5:30 AM to 8:30 PM
25th October (Saturday)
Divaan – 5:30 AM to 9:00 PM
26th October (Sunday)
Sri Sehaj Path Bhog – 10:00 AM
Divaan – 5:30 AM to 7:00 PM
SMAGAM HELD IN CAR PARK OF
GURDWARA GURU HAR RAI SAHIB JI
126–128 HIGH ST, WEST BROMWICH B70 6JW
ਆਵਾਜ਼ਿ ਕੌਮ AWAZE QAUM
International Newspaper & WEB TV
This smagam has been organised by The Sandwell Council of Sikh Gurdware and the Sadh Sangat.
Please come along and attend this four day program with your friends and family to remember the sacrifice of our great shaheeds.
Gurdwara Nanaksar Smethwick
Gurdwara Sachkhand Isher Darbar
Gurdwara Guru Hargobind Sahib Ji Tividale
Sikh Council Sandwell
Guru Nanak Gurdwara
Sri Guru HarRai Sahib Ji
Gurdwara Guru Maneyo Granth OLDBURY
GURDWARA OLDBURY
Bhai Khalsa Singh – 07454 023665 | Bhai Jatinder Singh – 07955 555840 | Bhai Ranjit Singh – 07587 156997 | Bhai Jagtar Singh – 07769 294279
Bhai Daya Singh (Hilltop) – 07837 529547 | Bhai Harjit Singh – 07950 266522 | Bhai Raghver Singh – 07930 908368 | Bhai Balvinder Singh – 07795 220835
Bhai Varinder Singh – 07435 123456 | Bhai Gurnam Singh – 07816 262046 | Bhai Gurmeet Singh – 07930 347140 | Bhai Daya Singh – 07772 222181


SARDARI TRAVELS
SARDARI TRAVELS PROUDLY PRESENTS
NANKANA SAHIB YATRA
2025
31 October To 08 November
ਆਵਾਜ਼ਿ ਕੌਮ AWAZE QAUM International Newspaper & WEB TV
Hurry Book Your Seats Now
ਗੁਰਦੁਆਰਾ ਜਨਮ ਅਸਥਾਨ ਸ਼੍ਰੀ ਨਨਕਾਣਾ ਸਾਹਿਬ, ਗੁਰਦੁਆਰਾ ਸ਼੍ਰੀ ਪੰਜਾ ਸਾਹਿਬ, ਗੁਰਦੁਆਰਾ ਸ਼੍ਰੀ ਡੇਹਰਾ ਸਾਹਿਬ, ਗੁਰਦੁਆਰਾ ਸ਼੍ਰੀ ਕਰਤਾਰਪੁਰ ਸਾਹਿਬ।
ਖ਼ਾਲਸਾ ਪੰਥ ਤੋਂ ਵਿਛੜੇ 25 ਤੋਂ ਵੱਧ ਗੁਰਧਾਮਾਂ ਦੀ ਇਤਿਹਾਸਕ ਯਾਤਰਾ।
ਨੋਟ - ਜੋ ਧਾਰਮਿਕ ਯਾਤਰਾ ਕਰਨ ਦੇ ਚਾਹਵਾਨ ਹਨ ਅਤੇ ਪੈਸੇ ਇਕੱਠੇ ਨਹੀਂ ਦੇ ਸਕਦੇ। ਉਹ ਸਾਨੂੰ ਪੈਸੇ ਕਿਸਤਾਂ ਰਾਹੀਂ ਵੀ ਅਦਾ ਕਰ ਸਕਦੇ ਹਨ।
ਕਿਸੇ ਵੀ ਤਰ੍ਹਾਂ ਦੀ ਵਧੇਰੇ ਜਾਣਕਾਰੀ ਲਈ ਸੰਪਰਕ ਕਰੋ -
ਸੁਲੱਖਣ ਸਿੰਘ ਇਟਲੀ +39 3471560734
Via, G.B.MORONI,11, GORLAGO BERGAMO. ITALY.





### ਇੱਕ ਵਿਅਕਤੀ ਦੀ ਹਉਮੈ ਨੂੰ ਪੱਠੇ ਪਾਉਣ ਲਈ ਪੰਥਕ ਰਵਾਇਤਾਂ ਨਾਲ ਖਿਲਵਾੜ ਕੀਤਾ ਗਿਆ: ਪ੍ਰੋ. ਸਰਚਾਂਦ ਸਿੰਘ ਖਿਆਲਾ

# ਗਿਆਨੀ ਗੜਗੱਜ ਦੀ ਮੁੜ ਦਸਤਾਰਬੰਦੀ ਇਕ ਅਡੰਬਰ, ਖਿਮਾ ਯਾਚਨਾ ਕਿੱਥੇ ਗਈ ?

## ਜੇ ਪਹਿਲਾਂ ਅਵੱਗਿਆ ਹੋਈ ਸੀ ਤਾਂ ਖਿਮਾ ਜਾਚਨਾ ਕਿਉਂ ਨਹੀਂ ਕੀਤੀ ਗਈ





**ਅੰਮ੍ਰਿਤਸਰ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਸਿੱਖ ਚਿੰਤਕ** ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ਼੍ਰੋਮਣੀ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਸਨਮਾਨ ਵਿੱਚ ਕੀਤੇ ਸਮਾਗਮ ਨੂੰ ਇੱਕ ਅਡੰਬਰ ਤੇ ਪੰਥਕ ਰਵਾਇਤਾਂ ਦੀ ਉਲੰਘਣਾ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇੱਕ ਵਿਅਕਤੀ ਦੀ ਹਉਮੈ ਨੂੰ ਪੱਠੇ ਪਾਉਣ ਲਈ ਪੰਥਕ ਰਵਾਇਤਾਂ ਨਾਲ ਖਿਲਵਾੜ ਕੀਤਾ ਗਿਆ ਅਤੇ ਪੰਥਕ ਰਹੁ ਰੀਤਾਂ ਨੂੰ ਤਿਲਾਂਜਲੀ ਦਿੱਤੀ ਗਈ ਹੈ।

ਉਹਨਾਂ ਈ ਦੀ ਜਿਹੜੀ ਕਿਹਾ ਕਿ ਅੱਜ ਦੇ ਸਮਾਗਮ ਨੇ ਜਿੱਥੇ

**ਵਿਚਾਰ ਆਪੋ-ਆਪਣਾ**

ਸ਼੍ਰੋਮਣੀ ਕਮੇਟੀ ਅਤੇ ਪੰਥਕ ਜਥੇਬੰਦੀਆਂ ਵਿਚਲੇ ਮਤਭੇਦ ਸਪਸ਼ਟ ਕਰ ਦਿੱਤੇ, ਉੱਥੇ ਕਈ ਨਵੇਂ ਸਵਾਲ ਵੀ ਖੜੇ ਕਰ ਦਿੱਤੇ ਹਨ।

ਪ੍ਰੋ. ਸਰਚਾਂਦ ਸਿੰਘ ਜੀ ਭਾਜਪਾ ਪੰਜਾਬ ਦੇ ਬੁਲਾਰੇ ਵੀ ਹਨ, ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਭੇਜੇ ਗਏ ਸੱਦਾ ਪੱਤਰਾਂ ਵਿੱਚ ਗਿਆਨੀ ਗੜਗੱਜ ਨੂੰ ਪੰਥਕ ਜ਼ਿੰਮੇਵਾਰੀ ਸੌਂਪਣ ਦੀ ਗੱਲ ਦਰਜ ਸੀ, ਪਰ ਸਮਾਗਮ ਦੌਰਾਨ ਮੌਜੂਦ ਪੰਥਕ ਜਥੇਬੰਦੀਆਂ ਦੀ ਨੁਮਾਇੰਦਗੀ ਕਰ ਰਹੇ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਜਥੇਦਾਰ ਬਲਬੀਰ ਸਿੰਘ ਨੇ ਸਪਸ਼ਟ ਕਿਹਾ ਕਿ ਪਿਛਲੀ ਵਾਰ ਕੀਤੀ ਦਸਤਾਰਬੰਦੀ ਮਰਿਆਦਾ ਅਨੁਸਾਰ ਨਹੀਂ ਸੀ। ਉਹਨਾਂ ਨੇ ਇਹ ਵੀ ਮੰਨਿਆ ਕਿ ਪਿਛਲੀ ਵਾਰ ਦੀ ਕਾਰਵਾਈ ਮਰਿਆਦਾ ਤੋਂ ਬਾਹਰ ਹੋਈ ਸੀ ਅਤੇ ਵਿਰੋਧ ਸਹੀ ਸੀ। ਇਸ 'ਤੇ ਸਰਚਾਂਦ ਸਿੰਘ ਨੇ ਕਿਹਾ ਕਿ ਜੇਕਰ ਅੱਜ ਗਿਆਨੀ ਗੜਗੱਜ ਨੂੰ ਪੰਥਕ ਪ੍ਰਵਾਨਗੀ ਮਿਲੀ ਹੈ, ਤਾਂ ਪਿਛਲੇ ਦਿਨਾਂ ਵਿੱਚ ਉਹਨਾਂ ਵੱਲੋਂ ਜਥੇਦਾਰ ਵਜੋਂ ਕੀਤੇ ਗਏ ਫ਼ੈਸਲੇ ਕਿਸ ਆਧਾਰ 'ਤੇ ਪ੍ਰਸੰਗਿਕ ਮੰਨੇ ਜਾਣਗੇ ? ਅਤੇ ਪੰਥ ਪ੍ਰਵਾਨਗੀ ਤੋਂ ਬਿਨਾਂ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਜਥੇਦਾਰ ਵਜੋਂ ਬੈਠਣ ਦੀ ਅਵੱਗਿਆ ਲਈ ਜ਼ਿੰਮੇਵਾਰ ਕੌਣ ਹੈ ?

ਪ੍ਰੋ. ਖਿਆਲਾ ਨੇ ਯਾਦ ਦਿਵਾਇਆ ਕਿ ਪਿਛਲੀ ਵਾਰ ਗੁਪਤ ਰੂਪ ਵਿੱਚ ਤੇ ਗੁਰੂ ਗ੍ਰੰਥ ਸਾਹਿਬ ਜੀ ਅਤੇ ਪੰਥਕ ਜਥੇਬੰਦੀਆਂ ਦੀ ਗੈਰ-ਮੌਜੂਦਗੀ ਵਿੱਚ ਕੀਤੀ ਗਈ ਦਸਤਾਰਬੰਦੀ ਨੂੰ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਸਮੇਤ ਕਈ ਪੰਥਕ ਜਥੇਬੰਦੀਆਂ ਨੇ ਮਰਿਆਦਾ ਦੀ ਘੋਰ ਉਲੰਘਣਾ ਘੋਸ਼ਿਤ ਕੀਤਾ ਸੀ। ਇਸ ਨਾਲ ਗਿਆਨੀ ਗੜਗੱਜ ਦੀ ਜਥੇਦਾਰੀ ਅਪ੍ਰਸੰਗਕ ਤੇ ਅਵੈਧ ਮੰਨੀ ਗਈ ਸੀ।

ਉਨ੍ਹਾਂ ਕਿਹਾ ਕਿ ਗਿਆਨੀ ਗੜਗੱਜ ਖ਼ੁਦ ਵੀ ਇਸ ਉਲੰਘਣਾ ਦੇ ਜ਼ਿੰਮੇਵਾਰ ਸਨ, ਫਿਰ ਉਸੇ ਵਿਅਕਤੀ ਨੂੰ ਮੁੜ ਜਥੇਦਾਰੀ ਦੇਣਾ ਪੰਥਕ ਅਸੂਲਾਂ ਨਾਲ ਖਿਲਵਾੜ ਹੈ। ਜਥੇਦਾਰ ਬਲਬੀਰ ਸਿੰਘ ਵੱਲੋਂ ਕਿਹਾ ਗਿਆ ਕਿ ਪਿਛਲੀਆਂ ਭੁੱਲਾਂ ਲਈ ਖਿਮਾ ਯਾਚਨਾ ਕੀਤੀ ਗਈ, ਪਰ ਅਸਲ ਸਮਾਗਮ ਵਿੱਚ ਅਜਿਹੀ ਕੋਈ ਖਿਮਾ ਯਾਚਨਾ ਸੁਣਨ ਜਾਂ ਦੇਖਣ ਨੂੰ ਨਹੀਂ ਮਿਲੀ। ਅਰਦਾਸ ਕਰਦੇ ਸਮੇਂ ਭਾਈ ਜੋਗਿੰਦਰ ਸਿੰਘ ਨੇ ਵੀ ਸਿਰਫ਼ ਕੀਰਤਨ ਦੌਰਾਨ ਹੋਈਆਂ ਭੁੱਲਾਂ ਦੀ ਖਿਮਾ ਮੰਗੀ, ਜੋ ਅਰਦਾਸ ਦੀ ਪਰੰਪਰਾ ਹੈ, ਪਰ ਪਿਛਲੀਆਂ ਅਵਗਿਆਵਾਂ ਦਾ ਕੋਈ ਜ਼ਿਕਰ ਨਹੀਂ ਕੀਤਾ ਗਿਆ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਬਾਬਾ ਬਲਬੀਰ ਸਿੰਘ ਨੇ ਸਮਾਗਮ ਵਿੱਚ ਸ਼ਮੂਲੀਅਤ ਕਰ ਰਹੀਆਂ ਜਥੇਬੰਦੀਆਂ ਦੀ ਅਗਵਾਈ ਕਰਦਿਆਂ ਜਦੋਂ ਪੰਥਕ ਆਗੂਆਂ ਸਟੇਜ 'ਤੇ ਆਉਣ ਲਈ ਕਿਹਾ — "ਮੈਨੂੰ ਨਾ ਕਲੇ ਨੂੰ ਫਸਾਓ, ਆ ਜਾਓ" — ਤਾਂ ਇਹ ਬਿਆਨ ਆਪ ਹੀ ਕਈ ਗੁੱਝੀਆਂ ਗੱਲਾਂ ਖੋਲ੍ਹ ਗਿਆ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸ਼ਤਾਬਦੀ ਤੋਂ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ ਲਈ ਨਵੇਂ ਜਥੇਦਾਰ ਦੀ ਪੱਕੀ ਨਿਯੁਕਤੀ ਦਾ ਐਲਾਨ ਕਰਨ ਬਾਰੇ ਉੱਠੀ ਮੰਗ ਪੰਥ ਵਿੱਚ ਮੌਜੂਦ ਅੰਦਰੂਨੀ ਰੋਸ ਦੀ ਪੁਸ਼ਟੀ ਕਰਦਾ ਹੈ।

ਪ੍ਰੋ. ਖਿਆਲਾ ਨੇ ਤਿੱਖੇ ਸ਼ਬਦਾਂ ਵਿੱਚ ਪੁੱਛਿਆ ਕਿ, "ਜਦੋਂ ਪਿਛਲੀ ਵਾਰ ਪੰਥਕ ਜਥੇਬੰਦੀਆਂ ਦੀ ਅਣਦੇਖੀ ਕਰਕੇ ਦਸਤਾਰਬੰਦੀ ਕੀਤੀ ਗਈ ਸੀ, ਤਾਂ ਅਕਾਲੀ ਆਗੂਆਂ ਨੇ ਕਿਹਾ ਸੀ ਕਿ ਇਹ ਜਥੇਬੰਦੀਆਂ ਕਿਸੇ ਬੁਕਤ ਦੀ ਨਹੀਂ। ਪਰ ਹੁਣ ਜਦੋਂ ਉਹਨਾਂ ਦੇ ਪ੍ਰਧਾਨ ਵੱਲੋਂ ਸਿੱਖ ਜਥੇਬੰਦੀਆਂ ਦੇ ਘਰ-ਘਰ ਜਾ ਕੇ ਸਮਰਥਨ ਮੰਗਣ ਦੀ ਲੋੜ ਕਿਉਂ ਪੈ ਰਹੀ ਹੈ ?"

ਉਨ੍ਹਾਂ ਕਿਹਾ ਕਿ ਅੱਜ ਜਿਨ੍ਹਾਂ ਜਥੇਬੰਦੀਆਂ ਨੇ ਸ਼ਮੂਲੀਅਤ ਕੀਤੀ, ਜਿਹੜੀਆਂ ਪਹਿਲਾਂ ਗਿਆਨੀ ਗੜਗੱਜ ਦੀ ਨਿਯੁਕਤੀ ਦੇ ਵਿਰੋਧ ਵਿੱਚ ਖੜੀਆਂ ਸਨ, ਉਹ ਹੁਣ ਪੰਥ ਦੀ ਕਚਹਿਰੀ ਵਿੱਚ ਆਪ ਹੀ ਕਟਹਿਰੇ ਵਿੱਚ ਹਨ। ਜੇ ਪਹਿਲਾਂ ਵਿਰੋਧ ਮਰਿਆਦਾ ਦੇ ਉਲੰਘਣ ਕਾਰਨ ਸੀ, ਤਾਂ ਹੁਣ ਉਸੇ ਵਿਅਕਤੀ ਦਾ ਸਨਮਾਨ ਕਿਉਂ ? ਗਿਆਨੀ ਗੜਗੱਜ ਨੇ ਅਜਿਹਾ ਕਿਹੜਾ ਪੰਥਕ ਉਪਕਾਰ ਕੀਤਾ ਜਿਸ ਨਾਲ ਉਹ ਹੁਣ ਮਾਣ ਸਨਮਾਨ ਦੇ ਹੱਕਦਾਰ ਹੋ ਗਏ ਹਨ ?

ਉਨ੍ਹਾਂ ਕਿਹਾ ਕਿ ਜੇਕਰ ਪਿਛਲੀ ਵਾਰ ਸ਼੍ਰੋਮਣੀ ਕਮੇਟੀ ਤੇ ਅਕਾਲੀ ਦਲ ਨੇ ਰਵਾਇਤਾਂ ਤੇ ਜਥੇਬੰਦੀਆਂ ਨੂੰ ਅਣਡਿੱਠਾ ਕਰਕੇ ਗਿਆਨੀ ਗੜਗੱਜ ਨੂੰ ਜਥੇਦਾਰ ਥਾਪਿਆ ਸੀ, ਤਾਂ ਹੁਣ ਕਿਸ ਅਧਾਰ 'ਤੇ ਜਥੇਬੰਦੀਆਂ ਵੱਲੋਂ ਉਹਨਾਂ ਨੂੰ ਮਾਨਤਾ ਦਿੱਤੀ ਜਾ ਰਹੀ ਹੈ ? ਜੇ ਪਹਿਲਾਂ ਅਵੱਗਿਆ ਹੋਈ ਸੀ ਤਾਂ ਖਿਮਾ ਜਾਚਨਾ ਕਿਉਂ ਨਹੀਂ ਕੀਤੀ ਗਈ ? ਜੇ ਖਿਮਾ ਮੰਗੀ ਗਈ ਤਾਂ ਤਨਖ਼ਾਹੀਆ ਕਾਰਵਾਈ ਕਿਉਂ ਨਹੀਂ ? ਤੇ ਜੇ ਖਿਮਾ ਮੰਗੀ ਹੀ ਨਹੀਂ ਗਈ ਤਾਂ ਬਿਨਾਂ ਪ੍ਰਾਸ਼ਿਚਤ ਅੱਗੇ ਵਧਣਾ ਕਿਹੜੀ ਮਰਿਆਦਾ ਜਾਂ ਪਰੰਪਰਾ ਹੈ ?

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

☛ ਜਨਮ ਦਿਹਾੜਾ ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਕੱਥੂਨੰਗਲ ਅੰਮ੍ਰਿਤਸਰ। ☛ ਜਨਮ ਦਿਵਸ ਪਿਆਰੇ ਭਾਈ ਧਰਮ ਸਿੰਘ ਸਾਹਿਬ ਜੀ। ☛ ਗੁਰਤਾਗੱਦੀ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ( ਨਾਂਦੇੜ ) ☛ ਜੋਤੀ ਜੋਤ ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।



**ਸ਼ਨਿੱਚਰਵਾਰ 25 ਅਕਤੂਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 26 ਅਕਤੂਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਰਾਗੀ ਜਥਾ ਬੀਬੀ ਕੰਵਲਦੀਪ ਕੌਰ ਬੈਰਗਾਮੋ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਦਸਤਾਰ-ਏ-ਖ਼ਾਲਸਾ ਖ਼ਿਤਾਬ ਇਨਾਮ 31000 ਰੁਪਏ

# 2 ਨਵੰਬਰ ਨੂੰ ਝੰਡਾ ਗਰਾਊਂਡ ਰਾਜਪੁਰਾ ਵਿਖੇ



**ਤਲਵੰਡੀ ਸਾਬੋ, 25 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਸ਼ਹੀਦ ਭਾਈ ਤਾਰੂ ਸਿੰਘ ਦਸਤਾਰ ਸਿਖਲਾਈ ਸੇਵਾ ਸੁਸਾਇਟੀ ਵੱਲੋਂ ਮੀਟਿੰਗ ਦਾ ਸੱਦਾ ਦਿੱਤਾ ਗਿਆ ਜਿਸ ਵਿੱਚ ਦੱਸਿਆ ਗਿਆ ਕਿ ਦਸਤਾਰ-ਏ-ਖਾਲਸਾ ਰਾਜਪੁਰਾ ਕੈਲੇਫੋਰਨੀਆ ਵੱਲੋਂ ਕਰਵਾਏ ਜਾ ਰਹੇ ਹਨ ਬਹੁਤ ਵੱਡੀ ਪੱਧਰ 'ਤੇ ਦਸਤਾਰ ਦੁਮਾਲਾ ਮੁਕਾਬਲੇ ਇਹ ਮੁਕਾਬਲੇ ਸ਼੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ ਦੀ 350 ਸ਼ਤਾਬਦੀ ਨੂੰ ਸਮਰਪਿਤ ਕਰਵਾਏ ਜਾ ਰਹੇ ਹਨ।ਇਸ ਵਿੱਚ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ 'ਤੇ ਆਉਣ ਵਾਲੇ ਬੱਚਿਆਂ ਨੂੰ ਨਗਦ ਰਾਸ਼ੀ ਦੇ ਇਨਾਮ ਦਿੱਤੇ ਜਾਣਗੇ। ਜਿਵੇ ਕਿ ਸੀਨੀਅਰ ਗਰੁੱਪ ਵਿੱਚ ਪਹਿਲਾ 11000, ਦੂਜਾ 7100, ਤੀਜਾ 5100 ਇਸੇ ਤਰਾਂ ਹੀ ਜੂਨੀਅਰ ਗਰੁੱਪ ਅਤੇ ਦੁਮਾਲੇ ਲੜਕੇ ਅਤੇ ਲੜਕੀਆਂ ਦੇ ਪਹਿਲਾ 11000, ਦੂਜਾ 7100, ਤੀਜਾ 5100 ਲੜਕਿਆਂ ਨੂੰ ਅਲੱਗ ਅਤੇ ਲੜਕੀਆਂ ਨੂੰ ਅਲੱਗ ਇਨਾਮ ਦਿੱਤੇ ਜਾਣਗੇ।ਇਹ ਜਾਣਕਾਰੀ ਲਖਵਿੰਦਰ ਸਿੰਘ ਲ਼ੱਖੇ ਵੱਲੋਂ ਸਾਂਝੀ ਕੀਤੀ ਗਈ। ਭਾਈ ਸਿਮਰਨਜੋਤ ਸਿੰਘ ਖ਼ਾਲਸਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਦਸਤਾਰ ਮੁਕਾਬਲੇ ਕਰਵਾਉਣ ਦਾ ਮੁੱਖ ਮਕਸਦ ਆਉਣ ਵਾਲੀ ਪਨੀਰੀ ਨੂੰ ਅਤੇ ਨੌਜਵਾਨੀ ਨੂੰ ਸਿੱਖੀ ਨਾਲ ਜੋੜਨ ਲਈ ਉਪਰਾਲੇ ਕੀਤੇ ਜਾਂਦੇ ਹਨ ਤਾਂ ਕਿ ਨਸ਼ੇ ਅਤੇ ਪਤਿਤਪੁਣੇ ਨੂੰ ਠੱਲ ਪਾ ਕੇ ਸਿਰਾਂ 'ਤੇ ਸੋਹਣੀਆਂ ਦਸਤਾਰਾਂ ਸਜਾਉਣ, ਅੰਮ੍ਰਿਤਪਾਨ ਕਰਕੇ ਗੁਰੂ ਕੇ ਸਿੰਘ ਸਜੀਏ ਅਤੇ ਸਿੱਖੀ ਦਾ ਪ੍ਰਚਾਰ ਕਰੀਏ। ਉਹਨਾਂ ਦੱਸਿਆ ਕਿ ਇਹਨਾਂ ਮੁਕਾਬਲਿਆਂ ਵਿੱਚ ਪੰਥ ਦੀਆਂ ਮਹਾਨ ਸ਼ਖ਼ਸੀਅਤਾਂ ਸਿੰਘ ਸਾਹਿਬ ਕੁਲਦੀਪ ਸਿੰਘ ਗੜਗੱਜ ਅਤੇ ਹੋਰ ਕਈ ਮਹਾਂਪੁਰਸ਼ ਅਤੇ ਪੰਥਕ ਸ਼ਖ਼ਸੀਅਤਾਂ ਪਹੁੰਚ ਰਹੀਆਂ ਹਨ।ਸਰਦਾਰ-ਏ-ਪਟਿਆਲਾ ਸ਼ਾਹੀ ਦਸਤਾਰ ਨਾਲ ਸਨਮਾਨਿਤ ਗੁਰਿੰਦਰ ਸਿੰਘ ਕਿੰਗ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਦੇ ਨਾਮੀ ਅਤੇ ਲੋਕ ਗਾਇਕ ਬੀਰ ਸਿੰਘ ਅਤੇ ਪੰਮਾ ਡੁੱਮੇਵਾਲ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਇਹ ਦਸਤਾਰ, ਦੁਮਾਲੇ ਮੁਕਾਬਲਿਆਂ ਵਿੱਚ ਪੰਜਾਬ ਤੋਂ ਅਤੇ ਹੋਰ ਕਈ ਸਟੇਟਾਂ ਤੋਂ ਨਾਮੀ ਦਸਤਾਰ ਕੋਚ ਅਤੇ ਸੰਸਥਾਵਾਂ ਦੇ ਆਗੂ ਜੋ ਦਸਤਾਰ ਦੀ ਚੜਦੀਕਲਾ ਲਈ ਦਸਤਾਰ ਕੈਂਪ ਅਤੇ ਲੰਗਰ ਦਸਤਾਰਾਂ ਦੇ ਲਗਵਾ ਰਹੇ ਹਨ ਸਾਰਿਆਂ ਵੀਰਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ। ਅਮਨਦੀਪ ਸਿੰਘ ਬਾਜਾਖਾਨਾ ਵੱਲੋਂ ਅਪੀਲ ਕੀਤੀ ਕਿ ਵੱਧ ਤੋਂ ਵੱਧ ਬੱਚੇ ਅਤੇ ਨੌਜਵਾਨ ਇਸ ਮੁਕਾਬਲਿਆਂ ਦਾ ਹਿੱਸਾ ਬਣਨ ਤਾਂ ਕਿ ਅੱਗੇ ਤੋਂ ਇਸਤੋਂ ਵੀ ਵਧੀਆ ਉਪਰਾਲੇ ਕੀਤੇ ਜਾ ਸਕਣ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਰਿਆਂ ਪਰਮਿੰਦਰ ਸਿੰਘ, ਮਨਜੀਤ ਸਿੰਘ, ਗੁਰਸੇਵਕ ਸਿੰਘ, ਗੁਰਦਿੱਤ ਸਿੰਘ, ਅਮਨਦੀਪ ਸਿੰਘ, ਗੁਲਾਬ ਸਿੰਘ, ਵਰਿੰਦਰ ਸਿੰਘ, ਰਾਜਵਿੰਦਰ ਸਿੰਘ ਰਾਣਾ, ਨਿਰਮਲ ਸਿੰਘ ਅਤੇ ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਡਿਪਟੀ ਕਮਿਸ਼ਨਰ ਅਤੇ ਐੱਸ ਐੱਸ ਪੀ ਵੱਲੋਂ

# ਕਲੱਸਟਰ ਅ਼ਫ਼ਸਰਾਂ, ਨੋਡਲ ਅਧਿਕਾਰੀਆਂ ਨਾਲ ਹੰਗਾਮੀ ਮੀਟਿੰਗ

ਸੰਗਰੂਰ ( ਰਣਜੀਤ ਸਿੰਘ ਪੇਧਨੀ ) ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਪੂਰੀ ਸਖ਼ਤੀ ਨਾਲ ਰੋਕਣ ਦੀ ਨੀਤੀ ਉੱਤੇ ਜ਼ੋਰ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੇ ਸਮੂਹ ਕਲੱਸਟਰ ਅ਼ਫ਼ਸਰਾਂ, ਨੋਡਲ ਅਧਿਕਾਰੀਆਂ ਅਤੇ ਪੁਲਿਸ ਅਧਿਕਾਰੀਆਂ ਨੂੰ ਸਪੱਸ਼ਟ ਕੀਤਾ ਹੈ ਕਿ ਜਾਂ ਤਾਂ ਉਹ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਕਾਰਗਰ ਤਰੀਕੇ ਨਾਲ ਕੰਮ ਕਰਨ ਜਾਂ ਫਿਰ ਨਤੀਜੇ ਭੁਗਤਣ ਲਈ ਤਿਆਰ ਰਹਿਣ।ਉਹ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਅਮਿਤ ਬੈਂਬੀ, ਸਮੂਹ ਐੱਸ ਪੀਜ਼, ਐੱਸ ਡੀ ਐੱਮਜ਼, ਡੀ ਐੱਸ ਪੀਜ਼, ਕਲੱਸਟਰ ਅ਼ਫ਼ਸਰਾਂ ਅਤੇ ਹੋਰ ਅਧਿਕਾਰੀਆਂ ਨਾਲ ਮੀਟਿੰਗ ਕਰ ਰਹੇ ਸਨ। ਉਹਨਾਂ ਕਲੱਸਟਰ ਅ਼ਫ਼ਸਰਾਂ ਨੂੰ ਕਿਹਾ ਕਿ ਜੇਕਰ ਉਹਨਾਂ ਅਧੀਨ ਨੋਡਲ ਅ਼ਫ਼ਸਰ ਕੰਮ ਕਰਨ ਤੋਂ ਆਨਾਕਾਨੀ ਕਰਦੇ ਹਨ ਤਾਂ ਉਹ ਉਹਨਾਂ ਦੇ ਧਿਆਨ ਵਿੱਚ ਲਿਆਉਣ। ਉਹਨਾਂ ਸਪੱਸ਼ਟ ਕੀਤਾ ਕਿ ਕੰਮ ਨਾ ਕਰਨ ਵਾਲੇ ਕਰਮਚਾਰੀਆਂ/ਅਧਿਕਾਰੀਆਂ ਨੂੰ ਇਸ ਦੇ ਨਤੀਜੇ ਭੁਗਤਣੇ ਪੈਣਗੇ।ਉਹਨਾਂ ਕਿਹਾ ਕਿ ਇਸ ਵਾਰ ਪਰਾਲੀ ਸਾੜਨ ਦੀਆਂ ਘਟਨਾਵਾਂ ਉੱਤੇ ਮਾਨਯੋਗ ਸੁਪਰੀਮ ਕੋਰਟ ਅਤੇ ਵਾਤਾਵਰਨ ਪਲੀਤ ਹੋਣ ਤੋਂ ਰੋਕਣ ਵਿੱਚ ਲੱਗੀਆਂ ਕੇਂਦਰੀ ਏਜੰਸੀਆਂ ਵੱਲੋਂ ਸਿੱਧੀ ਨਜ਼ਰ ਰੱਖੀ ਜਾ ਰਹੀ ਹੈ। ਇਹ ਸਾਰਾ ਵਰਤਾਰਾ ਸੈਟੇਲਾਈਟ ਰਾਹੀਂ ਮੌਨੀਟਰ ਕੀਤਾ ਜਾ ਰਿਹਾ ਹੈ। ਉਹਨਾਂ ਪ੍ਰਸ਼ਾ.ਸ਼ਿਨਕ ਅਤੇ ਪੁਲਿਸ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਪ੍ਰਤੀ ਜ਼ੀਰੋ ਟੋਲਰੈਂਸ ਨੀਤੀ ਨੂੰ ਅਪਣਾਇਆ ਜਾਵੇ ਅਤੇ ਨਾਜ਼ੁਕ ਥਾਵਾਂ ਤੇ ਸਾਂਝੇ ਤੌਰ ਤੇ ਗਸ਼ਤ ਕੀਤੀ ਜਾਵੇ। ਸਾਰੇ ਐੱਸ ਡੀ ਐੱਮਜ਼, ਡੀ ਐੱਸ ਪੀਜ਼ ਅਤੇ ਐਸ.ਐਚ.ਓਜ਼ ਵੱਲੋਂ ਆਪਣੇ ਦਫ਼ਤਰਾਂ ਤੋਂ ਬਾਹਰ ਆ ਕੇ ਫੀਲਡ ਵਿੱਚ ਸਖ਼ਤ ਚੌਕਸੀ ਵਰਤੀ ਜਾਵੇ। ਉਹਨਾਂ ਵੱਲੋਂ ਸਪੱਸ਼ਟ ਕੀਤਾ ਗਿਆ ਕਿ ਜੇਕਰ ਕੋਈ ਵੀ ਕਿਸਾਨ ਖੇਤ ਵਿੱਚ ਅੱਗ ਲਗਾਉਂਦਾ ਹੈ ਤਾਂ ਕਿਸਾਨ ਨੂੰ ਜ਼ੁਰਮਾਨਾ ਅਤੇ ਸਜ਼ਾ ਦੇਣ ਦੇ ਨਾਲ ਨਾਲ ਸਬੰਧਤ ਅਧਿਕਾਰੀਆਂ ਅਤੇ ਐਸ ਐਚ ਓ ਨੂੰ ਵੀ ਗੰਭੀਰ ਨਤੀਜੇ ਭੁਗਤਣੇ ਪੈਣਗੇ। ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਆਉਣ ਵਾਲੇ ਦਿਨਾਂ ਦੌਰਾਨ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਲਈ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਕਲੱਸਟਰ ਅ਼ਫ਼ਸਰਾਂ ਵਲੋਂ ਅਜਿਹੇ ਪਿੰਡਾਂ ਵਿੱਚ ਪੁਲਿਸ ਕਰਮੀਆਂ ਦੀ ਹਾਜ਼ਰੀ ਵਿੱਚ ਦੌਰੇ ਕਰਨੇ ਚਾਹੀਦੇ ਹਨ ਅਤੇ ਝੋਨੇ ਦੀ ਪਰਾਲੀ ਨਾ ਸਾੜਨ ਸਬੰਧੀ ਸੁਨੇਹਾ ਦਿੱਤਾ ਜਾਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਸਿਵਲ ਅਤੇ ਪੁਲਿਸ ਅਧਿਕਾਰੀਆਂ ਦੀ ਸਾਂਝੇ ਤੌਰ ਉਤੇ ਗਸ਼ਤ ਲੋਕਾਂ ਨੂੰ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਤੋਂ ਅਸਰਦਾਰ ਢੰਗ ਨਾਲ ਰੋਕੇਗੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਸੰਗਰੂਰ ਦੇ ਸਮੂਹ ਪਿੰਡਾਂ ਦੇ ਸਰਪੰਚਾਂ, ਕਿਸਾਨ ਯੂਨੀਅਨਾਂ, ਪ੍ਰਭਾਵਸ਼ਾਲੀ ਵਿਅਕਤੀਆਂ ਨਾਲ ਮੀਟਿੰਗਾਂ ਕੀਤੀਆਂ ਜਾਣ। ਇਸ ਤੋਂ ਇਲਾਵਾ ਗੁਰਦੁਆਰਿਆਂ, ਮੰਦਿਰਾਂ ਤੇ ਹੋਰ ਧਾਰਮਿਕ ਸਥਾਨਾਂ ਤੋਂ ਪਰਾਲੀ ਨਾ ਸਾੜਨ ਸਬੰਧੀ ਅਨਾਊਂਸਮੈਂਟ ਵੀ ਕਰਵਾਈ ਜਾਵੇ। ਜੇਕਰ ਕੋਈ ਜਾਗਰੂਕਤਾ ਫੈਲਾਉਣ ਵਿੱਚ ਅੜਿੱਕਾ ਲਾਉਂਦਾ ਹੈ ਤਾਂ ਉਸ ਦੀ ਸੂਚਨਾ ਤੁਰੰਤ ਪੁਲਿਸ ਨੂੰ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਇਹ ਖੇਤਾਂ ਵਿੱਚ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਵਿੱਚ ਮਦਦਗਾਰ ਸਾਬਿਤ ਹੋਵੇਗਾ।ਉਹਨਾਂ ਦੱਸਿਆ ਕਿ ਪਰਾਲੀ ਦੇ ਉਚਿਤ ਪ੍ਰਬੰਧਨ ਲਈ ਜ਼ਿਲ੍ਹਾ ਸੰਗਰੂਰ ਵਿੱਚ ਮਸ਼ੀਨਰੀ ਦੀ ਕੋਈ ਵੀ ਕਮੀ ਨਹੀਂ ਹੈ। ਕਿਸਾਨਾਂ ਨੂੰ ਇਸਦੀ ਵਰਤੋਂ ਕਰਨ ਲਈ ਪ੍ਰੇਰਿਤ ਕਰਨ ਦੀ ਲੋੜ ਹੈ। ਇਸ ਮੌਕੇ ਹਾਜ਼ਰ ਐਸ. ਐਸ.ਪੀ. ਸਰਤਾਜ ਸਿੰਘ ਚਾਹਲ ਨੇ ਕਿਹਾ ਕਿ ਪਰਾਲੀ ਸਾੜਨ ਵਾਲੇ ਕਿਸਾਨਾਂ ਉੱਤੇ ਵੀ ਪਰਚੇ ਦਰਜ ਹੋਣਗੇ। ਮਾਨਯੋਗ ਸੁਪਰੀਮ ਕੋਰਟ ਦੇ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਵਿਅਕਤੀ ਜਾਂ ਸੰਸਥਾ ਖ਼ਿਲਾਫ਼ ਕੋਈ ਰਿਆਇਤ ਨਹੀਂ ਵਰਤੀ ਜਾਵੇਗੀ ਅਤੇ ਬਣਦੀ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਯਕੀਨੀ ਬਣਾਈ ਜਾਵੇਗੀ।ਉਹਨਾਂ ਸਮੂਹ ਪੁਲਿਸ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਅਗਲੇ ਸਮੇਂ ਦੌਰਾਨ ਆਪਣੇ-ਆਪਣੇ ਖੇਤਰਾਂ ਵਿੱਚ ਰਹਿ ਕੇ ਯਕੀਨੀ ਬਣਾਇਆ ਜਾਵੇ ਕਿ ਕੋਈ ਵੀ ਪਰਾਲੀ ਨੂੰ ਅੱਗ ਨਾ ਲਗਾ ਸਕੇ। ਉਨ੍ਹਾਂ ਕਿਹਾ ਕਿ ਮਾਨਯੋਗ ਉੱਚ ਅਦਾਲਤ ਦੇ ਆਦੇਸ਼ਾਂ ਅਨੁਸਾਰ ਸਬੰਧਿਤ ਐਸ.ਐਚ.ਓਜ਼ ਆਪਣੇ-ਆਪਣੇ ਖੇਤਰਾਂ ਵਿੱਚ ਪਰਾਲੀ ਨੂੰ ਅੱਗ ਦੀ ਘਟਨਾ ਲਈ ਜਿੰਮੇਵਾਰ ਹੋਣਗੇ ਅਤੇ ਉਨ੍ਹਾਂ ਨੂੰ ਅੱਗ ਲੱਗਣ ਦੇ ਕੇਸਾਂ ਨੂੰ ਰੋਕਣ ਨੂੰ ਤਰਜੀਹ ਦੇਣੀ ਚਾਹੀਦੀ ਹੈ।




**ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਪ੍ਰਤੀ ਜ਼ੀਰੋ ਟੋਲਰੈਂਸ ਨੀਤੀ ਨੂੰ ਅਪਣਾਇਆ ਜਾਵੇਗਾ - ਡਿਪਟੀ ਕਮਿਸ਼ਨਰ**

## ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਨਾਨਕ ਪਿਆਓ ਸਾਹਿਬ ਦਿੱਲੀ ਤੋਂ ਅਗਲੇ ਪੜਾਅ ਗੁਰਦੁਆਰਾ ਰਕਾਬ ਗੰਜ ਸਾਹਿਬ ਦਿੱਲੀ ਲਈ ਰਵਾਨਾ






**ਨਵੀਂ ਦਿੱਲੀ, 25 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਦੇ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਨਾਨਕ ਪਿਆਓ ਸਾਹਿਬ ਦਿੱਲੀ ਤੋਂ ਅਗਲੇ ਪੜਾਅ ਗੁਰਦੁਆਰਾ ਰਕਾਬ ਗੰਜ ਸਾਹਿਬ ਦਿੱਲੀ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ 'ਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਨੂੰ ਸੰਗਤਾਂ ਨਾਲ ਸਾਂਝਾ ਕੀਤਾ। ਉਨ੍ਹਾਂ ਸੰਗਤਾਂ ਨੂੰ ਸ਼ਹੀਦੀ ਸ਼ਤਾਬਦੀ ਦੇ ਸਮਾਗਮਾਂ ਸਮੇਂ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਪ੍ਰੇਰਣਾ ਵੀ ਕੀਤੀ। ਨਗਰ ਕੀਰਤਨ ਦੀ ਰਵਾਨਗੀ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਨਗਰ ਕੀਰਤਨ ਦਾ ਰਸਤੇ ਵਿਚ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਨੇ ਸ਼ਰਧਾ ਨਾਲ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ। ਇਸ ਮੌਕੇ ਨਗਰ ਕੀਰਤਨ 'ਚ ਸ਼ਾਮਲ ਗੱਡੀਆਂ ਵਿਚ ਤੇਲ ਦੀ ਸੇਵਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਕਰਤਾਰ ਸਿੰਘ ਚਾਵਲਾ ਨੇ ਕੀਤੀ। ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਤੇ ਸ. ਮਨਜੀਤ ਸਿੰਘ ਜੀਕੇ, ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਮਿੰਦਰ ਸਿੰਘ ਮਠਾਰੂ, ਸ. ਹਰਮਨਜੀਤ ਸਿੰਘ, ਮੀਤ ਸਕੱਤਰ ਸ. ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਜਸਬੀਰ ਸਿੰਘ, ਸ. ਕਰਤਾਰ ਸਿੰਘ ਚਾਵਲਾ, ਸ. ਜਤਿੰਦਰ ਸਿੰਘ ਸੋਨੂੰ, ਸ. ਕੁਲਵਿੰਦਰ ਸਿੰਘ, ਸ. ਤਰਜੀਤ ਸਿੰਘ ਨਾਗੀ, ਸ. ਹਰਭਜਨ ਸਿੰਘ ਭੱਲਾ, ਸ. ਗੁਰਮੀਤ ਸਿੰਘ ਕੋਹਲੀ, ਸ. ਹਰਦੀਪ ਸਿੰਘ, ਸ. ਗਗਨਦੀਪ ਸਿੰਘ, ਸ. ਮਹਿੰਦਰ ਸਿੰਘ, ਸ. ਜਗਜੀਤ ਸਿੰਘ, ਸ. ਹਰਵਿੰਦਰ ਸਿੰਘ ਕਬੂਲਨਗਰ, ਸ. ਇਕਬਾਲ ਸਿੰਘ ਮੰਡੋਲੀ, ਸ. ਅਮਰਪ੍ਰੀਤ ਸਿੰਘ ਸੰਨੀ, ਬੀਬੀ ਜਸਬੀਰ ਕੌਰ, ਸ. ਪ੍ਰਨੀਤ ਸਿੰਘ ਰੇਖੀ, ਸ. ਇੰਦਰਪਾਲ ਸਿੰਘ, ਸ. ਕਰਮਜੀਤ ਸਿੰਘ, ਸ. ਅਮਨ ਸਿੰਘ ਭਾਟੀਆ, ਸੁਪਰਵਾਈਜ਼ਰ ਸ. ਦਰਸ਼ਨ ਸਿੰਘ, ਸ. ਭੁਪਿੰਦਰ ਸਿੰਘ, ਸ. ਮੋਹਨਦੀਪ ਸਿੰਘ, ਸ. ਮਿਲਖਾ ਸਿੰਘ, ਸ. ਹਰਪ੍ਰੀਤ ਸਿੰਘ ਜੰਡਿਆਲਾ, ਮੀਤ ਮੈਨੇਜਰ ਸ. ਅਮਰਜੀਤ ਸਿੰਘ, ਸ. ਜਗਦੀਪ ਸਿੰਘ ਮਾਛੀਨੰਗਲ, ਸਿੱਖ ਮਿਸ਼ਨ ਦਿੱਲੀ ਦੇ ਇੰਚਾਰਜ ਸ. ਮਨਵੀਤ ਸਿੰਘ, ਸ. ਜਸਬੀਰ ਸਿੰਘ ਜੱਸੀ, ਸ. ਸਰਬਜੀਤ ਸਿੰਘ ਰਮਦਾਸ, ਪ੍ਰਚਾਰਕ ਭਾਈ ਪ੍ਰਭ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

## ਤਲਬੀਰ ਸਿੰਘ ਗਿੱਲ ਨੇ ਅਰਜਨ ਮਾਂਗਾ ਕੀਤਾ ਕੀਤਾ ਅਫਸੋਸ



**ਚੌਕ ਮਹਿਤਾ, 25 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਅੱਜ ਪਿੰਡ ਅਰਜਨ ਮਾਂਗਾ ਵਿਚ ਹਲਕਾ ਮਜੀਠਾ ਦੇ ਇਨਚਾਰਜ ਤਲਬੀਰ ਸਿੰਘ ਗਿੱਲ ਵਲੋ ਸ ਦਿਲਬਾਗ ਸਿੰਘ ਫੋਜੀ ਜੀ ਦੀ ਪਤਨੀ ਜਿਨਾਂ ਦੀ ਕੁਝ ਦਿਨ ਪਹਿਲਾਂ ਇਕ ਸੜਕ ਦੁਰਘਟਨਾ ਕਾਰਨ ਮੌਤ ਹੋ ਗਈ ਸੀ ਦਾ ਅ਼ਫ਼ਸੋਸ ਪ੍ਰਗਟ ਕੀਤਾ ਤੇ ਪਾਰਿਵਾਰ ਨੂੰ ਔਖੇ ਵੇਲੇ ਹੋਸਲਾ ਦਿਤਾ, ਇਸ ਮੌਕੇ ਉਹਨਾਂ ਨਾਲ਼ ਹਲਕਾ ਮੀਡੀਆ ਇਨਚਾਰਜ਼ ਨਿਸ਼ਾਨ ਸਿੰਘ ਅਰਜਨ ਮਾਂਗਾ ਸਰਪੰਚ ਰਣਧੀਰ ਸਿੰਘ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਪ੍ਰਿੰਸੀਪਲ ਗੁਰਮੁੱਖ ਸਿੰਘ ਤਰਲੋਚਨ ਸਿੰਘ ਲਵਪ੍ਰੀਤ ਸਿੰਘ ਮਲਕੀਤ ਸਿੰਘ ਬਾਬਾ ਬਲਕਾਰ ਸਿੰਘ ਆਦਿ ਸੀਨੀਅਰ ਆਗੂ ਹਾਜਿਰ ਸਨ।

### ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨਾਂ ਵਿਰੁੱਧ ਕੀਤੀ ਕਾਰਵਾਈ ਸ਼ਤਾਬਦੀ ਪ੍ਰੋਗਰਾਮਾਂ ਨੂੰ ਖਰਾਬ ਕਰਨ ਅਤੇ

# ਪੰਥਕ ਮਸਲਿਆਂ ਤੋਂ ਸੰਗਤਾਂ ਦਾ ਧਿਆਨ ਭਟਕਾਉਣ ਵਾਲੀ ਹਰਕਤ: ਜੀਕੇ



ਨਵੀਂ ਦਿੱਲੀ 25 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਇਜਲਾਸ ਦੌਰਾਨ ਤਿੰਨ ਸਾਬਕਾ ਪ੍ਰਧਾਨਾਂ ਦੀ ਕਥਿਤ ਤੌਰ 'ਤੇ ਮੁੱਢਲੀ ਮੈਂਬਰਸ਼ਿਪ ਖਤਮ ਕਰਨ ਦੇ ਆਏ ਫੈਸਲੇ ਉਤੇ ਸਿਆਸਤ ਭੱਖ ਗਈ ਹੈ। ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀਕੇ ਨੇ ਇਸ ਮਸਲੇ ਉਤੇ ਮੀਡੀਆ ਨਾਲ ਗੱਲਬਾਤ ਕਰਦਿਆਂ ਦਿੱਲੀ ਕਮੇਟੀ ਪ੍ਰਧਾਨ ਹਰਮੀਤ ਸਿੰਘ ਕਾਲਕਾ ਦੀ ਇਸ ਮਸਲੇ ਨੂੰ ਲੈਕੇ ਨੀਅਤ, ਨੀਤੀ ਅਤੇ ਕਾਨੂੰਨੀ ਨਾਸਮਝੀ ਉਤੇ ਜ਼ਬਰਦਸਤ ਸ਼ਬਦੀ ਹਮਲਾ ਬੋਲਿਆ ਹੈ। ਜੀਕੇ ਨੇ ਕਿਹਾ ਕਿ ਕਾਲਕਾ ਨੂੰ ਇਹ ਪਤਾ ਸੀ ਕਿ ਕਿਸੇ ਚੁਣੇ ਹੋਏ ਮੈਂਬਰ ਦੀ ਮੈਂਬਰੀ ਖਤਮ ਕਰਨ ਦਾ ਦਿੱਲੀ ਕਮੇਟੀ ਐਕਟ 'ਚ ਕੋਈ ਪ੍ਰਾਵਧਾਨ ਨਹੀਂ ਹੈ। ਇਸ ਲਈ ਉਸਨੇ ਅੱਜ ਮੀਡੀਆ ਅੱਗੇ ਮੰਨਿਆ ਕਿ ਇਸ ਕਾਰੇ ਲਈ ਉਸ ਉਤੇ ਦਿੱਲੀ ਸਰਕਾਰ ਦਾ ਦਬਾਅ ਸੀ। ਇਸ ਗੈਰ ਕਾਨੂੰਨੀ ਤੇ ਗੈਰ ਇਖਲਾਕੀ ਕੰਮ ਨੂੰ ਸਿਰੇ ਚਾੜ੍ਹਨ ਤੇ ਆਪਣੀ ਕੁਰਸੀ ਦੀ ਸਲਾਮਤੀ ਲਈ ਕਾਲਕਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਜਨਰਲ ਇਜਲਾਸ ਉਤੇ ਲਗਾਈ ਰੋਕ ਦੀ ਪਰਵਾਹ ਨਹੀਂ ਕਰਦਿਆਂ 'ਡੀਪ ਸਟੇਟ' ਦੇ ਕਰਿੰਦੇ ਦੀ ਭੂਮਿਕਾ ਨਿਭਾਉਣ ਨੂੰ ਆਪਣੇ ਸਿਆਸੀ ਕਰਿਅਰ ਲਈ ਫਾਇਦੇ ਦਾ ਸੌਦਾ ਸਮਝਿਆ। ਜੀਕੇ ਨੇ ਕਾਲਕਾ ਨੂੰ ਚੁਨੌਤੀ ਦਿੱਤੀ ਕਿ ਉਹ ਸਰਨਾ ਭਰਾਵਾਂ ਤੇ ਮੇਰੀ ਮੈਂਬਰੀ ਖਤਮ ਹੋਣ ਦਾ ਸਰਕਾਰੀ ਗਜ਼ਟ ਨੋਟਿਫਿਕੇਸਨ ਦਿਖਾਵੇ। ਜਦਕਿ ਆਪਣੇ ਆਕਾ ਨੂੰ ਖੁਸ਼ ਕਰਨ ਲਈ ਕਾਲਕਾ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਨੂੰ ਬਦਨਿਯਤ ਨਾਲ ਪ੍ਰਪੰਚ ਕਰਨ ਲਈ ਵਰਤਿਆ ਹੈ। ਇੱਥੇ ਹੀ ਬਸ ਨਹੀਂ ਹਰਮੀਤ ਸਿੰਘ ਕਾਲਕਾ ਤਾਂ 'ਡੀਪ ਸਟੇਟ' ਦੇ ਕਰਿੰਦੇ ਵਜੋਂ ਆਪਣੇ ਦਾਦਾ ਜਸਵੰਤ ਸਿੰਘ ਕਾਲਕਾ ਤੋਂ ਵੀ ਅੱਗੇ ਵੱਧ ਗਿਆ ਹੈ। ਦਾਦਾ ਨੇ ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਚੁਨੌਤੀ ਦਿੱਤੀ ਸੀ, ਪਰ ਪੋਤਰਾ ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਅਹਿਮੀਅਤ ਅਤੇ ਸ਼ਰਧਾ ਨਾਲ ਵੀ ਖਿਲਵਾੜ ਕਰ ਗਿਆ ਹੈ। ਕਿਉਂਕਿ ਕਥਿਤ ਤੌਰ 'ਤੇ ਮੇਰੀ ਮੈਂਬਰੀ ਖਤਮ ਕਰਨ ਪਿੱਛੇ ਕੌਮ ਲਈ ਗੂੰਜਦੀ ਮੇਰੀ ਅਵਾਜ਼ ਨੂੰ ਬੰਦ ਕਰਵਾਉਣ ਦੀ ਸਾਜ਼ਿਸ਼ ਘੜੀ ਗਈ ਹੈ। ਜੀਕੇ ਨੇ ਐਲਾਨ ਕੀਤਾ ਕਿ ਉਹ ਦਿੱਲੀ ਕਮੇਟੀ ਵੱਲੋਂ ਕੀਤੇ ਗਏ ਇਸ ਢਕੋਸਲੇ ਦੇ ਦੋਸ਼ਿਆਂ ਖਿਲਾਫ ਧਾਰਮਿਕ ਭਾਵਨਾਵਾਂ ਨੂੰ ਭੜਕਾਉਣ ਦੀ ਆਪਰਾਧਿਕ ਸ਼ਿਕਾਇਤ, ਮਾਨਹਾਨੀ ਦੀ ਕਾਨੂੰਨੀ ਕਾਰਵਾਈ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਉਤੇ ਧਾਰਮਿਕ ਅਵਗਿਆ ਦੀ ਸ਼ਿਕਾਇਤ ਕਰਨਗੇ। ਜੀਕੇ ਨੇ ਕਾਲਕਾ ਨੂੰ ਬੇਵਕੂਫ ਦਸਦਿਆਂ ਕਿਹਾ ਕਿ ਕਰਮਚਾਰੀਆਂ ਨੂੰ ਜਾਰੀ ਹੋਣ ਵਾਲਾ ਮੇਮੋਰੰਡਮ ਸੰਗਤਾਂ ਵੱਲੋਂ ਚੁਣੇ ਹੋਏ ਸਾਬਕਾ ਪ੍ਰਧਾਨਾਂ ਤੇ ਹਮਰੁਤਬਾ ਮੈਂਬਰਾਂ ਨੂੰ ਜਾਰੀ ਕਰਕੇ ਇਸ ਨੇ ਆਪਣੀ ਨਾਸਮਝੀ ਤੇ ਪ੍ਰਬੰਧਕੀ ਕਾਬਲਿਅਤ ਨੂੰ ਨੰਗਾ ਕਰ ਦਿੱਤਾ ਹੈ। ਜੀਕੇ ਨੇ ਦੋਸ਼ ਲਾਇਆ ਕਿ ਸਾਡੇ ਖਿਲਾਫ ਕੀਤੀ ਗਈ ਇਹ ਕਾਰਵਾਈ ਸ਼ਹੀਦੀ ਸ਼ਤਾਬਦੀ ਦੇ ਪ੍ਰੋਗਰਾਮਾਂ ਨੂੰ ਖਰਾਬ ਕਰਨ ਅਤੇ ਹੋਰ ਮਹੱਤਵਪੂਰਨ ਪੰਥਕ ਮਸਲਿਆਂ ਤੋਂ ਸੰਗਤਾਂ ਦਾ ਧਿਆਨ ਭਟਕਾਉਣ ਦੀ ਕਵਾਇਦ ਹੈ। ਕਿਉਂਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਇਜਲਾਸ ਨੂੰ ਮੁਲਤਵੀ ਕਰਨ ਅਤੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਇਜਲਾਸ ਉਥੇ ਰੋਕ ਲਗਾਉਣ ਦੀਆਂ ਭੇਜੀਆਂ ਚਿੱਠੀਆਂ ਨੂੰ ਨਕਾਰਦਿਆਂ ਕਾਲਕਾ ਨੇ ਸਰਕਾਰੀ ਮਜਬੂਰੀ ਨੂੰ ਅੱਗੇ ਰੱਖਿਆ ਹੈ। ਜੀਕੇ ਨੇ ਕਾਲਕਾ ਨੂੰ ਚੁਣੌਤੀ ਦਿੰਦਿਆਂ ਕਿਹਾ ਕਿ ਉਹ ਕੱਲ੍ਹ ਵੀ ਮੈਂਬਰ ਸਨ, ਅੱਜ ਵੀ ਮੈਂਬਰ ਹਨ ਤੇ ਕੱਲ੍ਹ ਵੀ ਮੈਂਬਰ ਹੋਣਗੇ। ਕਿਉਂਕਿ ਮੇਰੀ ਮੈਂਬਰੀ ਸਿਰਫ ਮੇਰੇ ਅਸਤੀਫ਼ੇ, ਮੌਤ ਜਾਂ ਚੌਣ ਨਾਲ ਹੀ ਖਤਮ ਹੋ ਸਕਦੀ ਹੈ। ਇਸ ਮੌਕੇ ਐਡਵੋਕੇਟ ਨਗਿੰਦਰ ਬੇਨੀਪਾਲ ਨੇ ਕਾਨੂੰਨੀ ਧਰਾਤਲ ਉਤੇ ਦਿੱਲੀ ਕਮੇਟੀ ਦੀ ਸਾਰੀ ਕਾਰਵਾਈ ਨੂੰ ਗਲਤ ਅਤੇ ਬਣਾਵਟੀ ਕਰਾਰ ਦਿੰਦਿਆਂ ਇਸ ਨੂੰ ਦਿੱਲੀ ਕਮੇਟੀ ਐਕਟ ਅਤੇ ਨਿਯਮਾਂ ਦੀ ਤੌਹੀਨ ਵਜੋਂ ਪਰਿਭਾਸ਼ਿਤ ਕੀਤਾ। ਕਿਉਂਕਿ ਦਿੱਲੀ ਡਾਇਰੈਕਟਰ ਚੋਣ ਡਾਇਰੈਕਟੋਰੇਟ ਨੇ ਸਮੂਹ ਮਾਮਲੇ ਅਦਾਲਤ 'ਚ ਬਾਕੀ ਹੋਣ ਕਰਕੇ ਇਨ੍ਹਾਂ ਦੀ ਸ਼ਿਕਾਇਤਾਂ ਉਤੇ ਅਧਿਕਾਰਿਕ ਤੌਰ 'ਤੇ ਟਿੱਪਣੀ ਨਹੀਂ ਕਰਨ ਦੀ ਗੱਲ ਕਰਦਿਆਂ ਆਪਣੇ ਆਦੇਸ਼ ਦਾ ਉਤਾਰਾ ਜੀਕੇ ਨੂੰ ਭੇਜਿਆ ਸੀ। ਇਸ ਮੌਕੇ ਦਿੱਲੀ ਕਮੇਟੀ ਮੈਂਬਰ ਪਰਮਜੀਤ ਸਿੰਘ ਰਾਣਾ, ਜਤਿੰਦਰ ਸਿੰਘ ਸੋਨੂੰ, ਸਤਨਾਮ ਸਿੰਘ, ਮਹਿੰਦਰ ਸਿੰਘ, ਸੁਰਿੰਦਰ ਸਿੰਘ ਦਾਰਾ ਅਤੇ ਅਕਾਲੀ ਆਗੂ ਡਾਕਟਰ ਪਰਮਿੰਦਰ ਪਾਲ ਸਿੰਘ, ਰਮਨਦੀਪ ਸਿੰਘ ਸੋਨੂੰ, ਗੁਣਜੀਤ ਸਿੰਘ ਬਖਸ਼ੀ, ਸੁਖਮਨ ਸਿੰਘ ਸਾਹਨੀ, ਬਖਸ਼ਿਸ਼ ਸਿੰਘ, ਮਨਜੀਤ ਸਿੰਘ ਤੇ ਰਾਜਾ ਸਿੰਘ ਚਾਵਲਾ ਆਦਿਕ ਮੌਜੂਦ ਸਨ।

**ਦਿੱਲੀ ਸਰਕਾਰ ਦੇ ਦਬਾਅ ਅਧੀਨ ਤਿੰਨ ਸਾਬਕਾ ਪ੍ਰਧਾਨਾਂ ਦੀ ਕਥਿਤ ਤੌਰ 'ਤੇ ਮੁੱਢਲੀ ਮੈਂਬਰਸ਼ਿਪ ਕੀਤੀ ਗਈ ਖਤਮ**

ਆਵਾਜ਼ਿ ਕੌਮ AWAZE QAUM International Newspaper & WEB TV

### ਆਮ ਆਦਮੀ ਪਾਰਟੀ ਨੂੰ ਵੱਡਾ ਝਟਕਾ

# ਹਲਕਾ ਅਜਨਾਲਾ ਤੋਂ ਡਾ. ਬਲਦੇਵ ਸਿੰਘ ਸੈਂਕੜੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ

**ਅਜਨਾਲਾ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਹਲਕਾ ਅਜਨਾਲਾ ਵਿੱਚ ਆਮ ਆਦਮੀ ਪਾਰਟੀ ਨੂੰ ਵੱਡਾ ਝਟਕਾ ਲੱਗਿਆ ਹੈ, ਜਦੋਂ ਪ੍ਰਸਿੱਧ ਸਮਾਜ ਸੇਵੀ ਤੇ ਸਿੱਖ ਪੰਥ ਨਾਲ ਡੂੰਘੀ ਨਿਭਾਂ ਰੱਖਣ ਵਾਲੇ ਡਾ. ਬਲਦੇਵ ਸਿੰਘ ਨੇ ਆਪਣੇ ਸੈਂਕੜੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਛੱਡ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਪੱਲਾ ਫੜਿਆ। ਇਸ ਮੌਕੇ ਤੇ ਮੁੱਖ ਤੌਰ ਬਾਪੂ ਤਰਸੇਮ ਸਿੰਘ ਜੀ ਤੋਂ ਇਲਾਵਾ ਭਾਈ ਪਰਮਜੀਤ ਸਿੰਘ ਜੌਹਲ, ਭਾਈ ਦਇਆ ਸਿੰਘ ਜੀ, ਭਾਈ ਕੁਲਵੰਤ ਸਿੰਘ ਜੀ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਸਰਬਜੀਤ ਸਿੰਘ ਬੈਂਕਾ, ਭਾਈ ਚਰਨਜੀਤ ਸਿੰਘ ਗਾਲਿਬ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਹਰਪ੍ਰੀਤ ਸਿੰਘ ਜੀ ਅਤੇ ਭਾਈ ਮਹਿੰਦਰਪਾਲ ਸਿੰਘ ਤੁੰਗ ਵੀ ਮੌਜੂਦ ਸਨ। ਇਹ ਸ਼ਮੂਲੀਅਤ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਵਿੱਚ ਗੁਰਦੁਆਰਾ ਬਾਬਾ ਗਮਚੱਕ ਸਾਹਿਬ ਅਜਨਾਲਾ ਵਿਖੇ ਰੱਖੇ ਗਏ ਸਮਾਗਮ ਦੌਰਾਨ ਹੋਈ। ਇਸ ਸਮਾਗਮ ਦੌਰਾਨ ਸੈਂਕੜੇ ਦੀ ਗਿਣਤੀ ਵਿੱਚ ਲੋਕਾਂ ਨੇ ਅਕਾਲੀ ਦਲ ਵਾਰਿਸ ਪੰਜਾਬ ਦੇ ਹੱਕ ਵਿੱਚ ਜੈਕਾਰੇ ਡਾ. ਬਲਦੇਵ ਸਿੰਘ ਅਤੇ ਉਨ੍ਹਾਂ ਦੀ ਟੀਮ ਦਾ ਸਵਾਗਤ ਕੀਤਾ। ਡਾ. ਬਲਦੇਵ ਸਿੰਘ ਜੀ ਨੇ ਇਸ ਮੌਕੇ ਕਿਹਾ ਕਿ ਉਹਨਾਂ ਨੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੋਣ ਦਾ ਫ਼ੈਸਲਾ ਪੂਰੀ ਸੋਚ-ਵਿਚਾਰ ਅਤੇ ਪੰਥਕ ਆਤਮਿਕਤਾ ਨਾਲ ਲਿਆ ਹੈ। ਉਹਨਾਂ ਨੇ ਕਿਹਾ, "ਅੱਜ ਦੇ ਸਮੇਂ ਵਿੱਚ ਸਿਰਫ਼ ਅਕਾਲੀ ਦਲ ਵਾਰਿਸ ਪੰਜਾਬ ਦੇ ਹੀ ਇੱਕ ਐਸੀ ਤਾਕਤ ਹੈ ਜੋ ਸੱਚਮੁੱਚ ਸਿੱਖ ਨੌਜਵਾਨਾਂ, ਕਿਸਾਨਾਂ, ਤੇ ਗੁਰਮਤਿ ਆਦਰਸ਼ਾਂ ਲਈ ਲੜ ਰਹੀ ਹੈ। ਹੋਰ ਪਾਰਟੀਆਂ ਨੇ ਪੰਜਾਬ ਨੂੰ ਵਾਅਦਿਆਂ ਤੇ ਧੋਖਿਆਂ ਨਾਲ ਤਬਾਹ ਕਰ ਦਿੱਤਾ, ਪਰ ਇਹ ਪਾਰਟੀ ਲੋਕਾਂ ਦੇ ਹੱਕਾਂ ਲਈ ਜ਼ਮੀਨੀ ਪੱਧਰ ਤੇ ਜੰਗ ਲੜ ਰਹੀ ਹੈ। ਬਾਪੂ ਤਰਸੇਮ ਸਿੰਘ ਜੀ ਨੇ ਸ਼ਮੂਲੀਅਤ ਦਾ ਸਵਾਗਤ ਕਰਦਿਆਂ ਕਿਹਾ ਕਿ ਇਹ ਸਿਰਫ਼ ਇਕ ਵਿਅਕਤੀ ਨਹੀਂ, ਸਗੋਂ ਇਕ ਪੂਰੀ ਸੋਚ ਦਾ ਅੰਦੋਲਨ ਹੈ ਜੋ ਪੰਥ ਅਤੇ ਪੰਜਾਬ ਦੀ ਬੇਹਤਰੀ ਲਈ ਇਕੱਠੇ ਹੋ ਰਹੇ ਹਨ। ਉਹਨਾਂ ਨੇ ਕਿਹਾ ਕਿ ਭਾਈ ਕੌਮੀਂ ਕੁਰਬਾਨੀ ਅਤੇ ਸੰਘਰਸ਼ ਨੇ ਪੰਜਾਬ ਦੇ ਨੌਜਵਾਨਾਂ ਵਿੱਚ ਸੱਚ ਦੀ ਲਹਿਰ ਜਗਾਈ ਹੈ, ਜਿਸ ਦਾ ਨਤੀਜਾ ਹੈ ਕਿ ਹਰ ਦਿਨ ਲੋਕ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੋ ਰਹੇ ਹਨ। ਬਾਪੂ ਜੀ ਨੇ ਅੱਗੇ ਕਿਹਾ, "ਸਾਡੀ ਪਾਰਟੀ ਨਾਂ ਕਿਸੇ ਕੁਰਸੀ ਦੀ ਲਾਲਚ ਨਾਲ ਜੁੜੀ ਹੈ ਤੇ ਨਾਂ ਹੀ ਕਿਸੇ ਨਿੱਜੀ ਲਾਭ ਨਾਲ। ਇਹ ਇਕ ਆਤਮਕ ਅੰਦੋਲਨ ਹੈ ਜੋ ਗੁਰੂ ਸਾਹਿਬਾਂ ਦੇ ਸਿਧਾਂਤਾਂ ਤੇ ਨਿਰਭਰ ਹੈ। ਜਿਹੜੇ ਸਿੱਖ, ਕਿਸਾਨ, ਤੇ ਜ਼ਮੀਨ ਨਾਲ ਜੁੜੇ ਲੋਕ ਸੱਚ ਦੀ ਲੜਾਈ ਲੜਨਾ ਚਾਹੁੰਦੇ ਹਨ, ਉਹ ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਪਰਚਮ ਹੇਠ ਇਕੱਠੇ ਹੋ ਰਹੇ ਹਨ।





**ਸਿਰਫ਼ ਅਕਾਲੀ ਦਲ ਵਾਰਿਸ ਪੰਜਾਬ ਦੇ ਹੀ ਇੱਕ ਐਸੀ ਤਾਕਤ ਹੈ ਜੋ ਸਿੱਖ ਨੌਜਵਾਨਾਂ, ਕਿਸਾਨਾਂ, ਤੇ ਗੁਰਮਤਿ ਆਦਰਸ਼ਾਂ ਲਈ ਲੜ ਰਹੀ ਹੈ : ਡਾ. ਬਲਦੇਵ ਸਿੰਘ**

# ਦਿੱਲੀ ਗੁਰਦੁਆਰਾ ਕਮੇਟੀ ਦੇ ਜਨਰਲ ਇਜਲਾਸ ਨੇ ਪਰਮਜੀਤ ਸਿੰਘ ਸਰਨਾ, ਹਰਵਿੰਦਰ ਸਿੰਘ ਸਰਨਾ ਅਤੇ ਮਨਜੀਤ ਸਿੰਘ ਜੀ.ਕੇ. ਦੀ ਮੈਂਬਰਸ਼ਿਪ ਕੀਤੀ ਰੱਦ



**ਨਵੀਂ ਦਿੱਲੀ, 25 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੱਜ ਹੋਏ ਵਿਸ਼ੇਸ਼ ਜਨਰਲ ਇਜਲਾਸ ਵਿਚ ਕਮੇਟੀ ਦੇ ਸਾਬਕਾ ਪ੍ਰਧਾਨਾਂ ਪਰਮਜੀਤ ਸਿੰਘ ਸਰਨਾ, ਹਰਵਿੰਦਰ ਸਿੰਘ ਸਰਨਾ ਅਤੇ ਮਨਜੀਤ ਸਿੰਘ ਜੀ.ਕੇ.ਖਿਲਾਫ ਲੱਗੇ ਗੰਭੀਰ ਦੋਸ਼ਾਂ ਨੂੰ ਵੇਖਦੇ ਹੋਏ ਸਰਬਸੰਮਤੀ ਨਾਲ ਉਹਨਾਂ ਦੀ ਮੈਂਬਰਸ਼ਿਪ ਖ਼ਤਮ ਕਰਨ ਦਾ ਫੈਸਲਾ ਕੀਤਾ ਗਿਆ। ਇਸ ਬਾਰੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਡਾਇਰੈਕਟਰ ਗੁਰਦੁਆਰਾ ਚੋਣਾਂ ਅਤੇ ਦਿੱਲੀ ਸਰਕਾਰ ਵੱਲੋਂ ਕਮੇਟੀ ਨੂੰ ਕਿਹਾ ਗਿਆ ਸੀ ਕਿ ਮੈਂਬਰਾਂ ਵੱਲੋਂ ਤਿੰਨਾਂ ਖਿਲਾਫ ਕੀਤੀਆਂ ਗਈਆਂ ਸ਼ਿਕਾਇਤਾਂ 'ਤੇ ਬਣਦੀ ਕਾਰਵਾਈ ਕੀਤੀ ਜਾਵੇ। ਉਹਨਾਂ ਕਿਹਾ ਕਿ ਇਸ ਉਪਰੰਤ ਸਾਰੇ 50 ਮੈਂਬਰਾਂ ਨੂੰ ਲਿਖਤੀ ਪੱਤਰ ਭੇਜ ਕੇ ਡਾਇਰੈਕਟਰ ਗੁਰਦੁਆਰਾ ਚੋਣਾਂ ਅਤੇ ਦਿੱਲੀ ਸਰਕਾਰ ਤੋਂ ਹੋਈ ਹਦਾਇਤ ਤੇ ਮੈਂਬਰਾਂ ਵੱਲੋਂ ਕੀਤੀਆਂ ਸ਼ਿਕਾਇਤਾਂ ਦੀਆਂ ਕਾਪੀਆਂ ਭੇਜ ਕੇ ਕੀਤੇ ਜਾਣ ਵਾਲੀ ਕਾਰਵਾਈ ਬਾਰੇ ਸੁਝਾਅ ਮੰਗੇ ਗਏ ਸਨ। ਉਹਨਾਂ ਦੱਸਿਆ ਕਿ ਪਰਮਜੀਤ ਸਿੰਘ ਸਰਨਾ, ਹਰਵਿੰਦਰ ਸਿੰਘ ਸਰਨਾ ਅਤੇ ਮਨਜੀਤ ਸਿੰਘ ਜੀ.ਕੇ. ਨੂੰ ਵੀ ਇਹ ਪੱਤਰ ਭੇਜੇ ਗਏ ਸਨ। ਉਹਨਾਂ ਕਿਹਾ ਕਿ ਉਹਨਾਂ ਨੇ ਆਪਣੇ ਉਪਰ ਲੱਗੇ ਦੋਸ਼ਾਂ ਦਾ ਖੰਡਨ ਨਹੀਂ ਕੀਤਾ, ਨਾ ਹੀ ਦੋਸ਼ ਝੁਠਲਾਏ ਬਲਕਿ ਹੋਰ ਹੀ ਉਲ ਜਲੂਲ ਜਵਾਬ ਲਿਖ ਕੇ ਭੇਜ ਦਿੱਤੇ। ਉਹਨਾਂ ਕਿਹਾ ਕਿ ਇਹ ਤਿੰਨੋਂ ਅੱਜ ਜਨਰਲ ਇਜਲਾਸ ਵਿਚ ਵੀ ਸ਼ਾਮਲ ਨਹੀਂ ਹੋਏ। ਉਹਨਾਂ ਦੱਸਿਆ ਕਿ ਇਜਲਾਸ ਵਿਚ ਜਿਆਦਾਤਰ ਮੈਂਬਰਾਂ ਨੇ ਤਿੰਨਾਂ ਮੈਂਬਰਾਂ ਖਿਲਾਫ ਕਾਰਵਾਈ ਦੀ ਮੰਗ ਕੀਤੀ ਜਿਸ ਮਗਰੋਂ ਹਾਜ਼ਰ ਸਾਰੇ 38 ਮੈਂਬਰਾਂ ਨੇ ਸਰਬਸੰਮਤੀ ਨਾਲ ਮਤਾ ਪਾਸ ਕਰ ਕੇ ਤਿੰਨਾਂ ਦੀ ਮੈਂਬਰਸ਼ਿਪ ਖ਼ਤਮ ਕਰਨ ਦਾ ਫੈਸਲਾ ਲਿਆ। ਉਹਨਾਂ ਦੱਸਿਆ ਕਿ ਹੁਣ ਮਤੇ ਦੀ ਕਾਪੀ ਡਾਇਰੈਕਟਰ ਗੁਰਦੁਆਰਾ ਚੋਣਾਂ ਅਤੇ ਦਿੱਲੀ ਸਰਕਾਰ ਨੂੰ ਭੇਜੀ ਜਾਵੇਗੀ। ਸਵਾਲਾਂ ਦੇ ਜਵਾਬ ਦਿੰਦਿਆਂ ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਐਕਟ ਦੇ ਤਹਿਤ ਹੀ ਇਹ ਕਾਰਵਾਈ ਕੀਤੀ ਗਈ ਹੈ। ਉਹਨਾਂ ਦੱਸਿਆ ਕਿ ਤਿੰਨਾਂ ਖਿਲਾਫ ਇਹ ਦੋਸ਼ ਸੀ ਕਿ ਉਹਨਾਂ ਨੇ ਕਮੇਟੀ ਦੇ ਅਹੁਦੇਦਾਰ ਹੁੰਦਿਆਂ ਆਪਣੇ ਪਰਿਵਾਰਕ ਮੈਂਬਰਾਂ ਦੇ ਨਾਮ 'ਤੇ ਚੈਕਾਂ ਰਾਹੀਂ ਅਦਾਇਗੀਆਂ ਕੀਤੀਆਂ। ਉਹਨਾਂ ਦੱਸਿਆ ਕਿ ਮਨਜੀਤ ਸਿੰਘ ਜੀ.ਕੇ. ਨੇ ਆਪਣੀ ਬੇਟੀ ਦੇ ਨਾਮ 'ਤੇ ਅਤੇ ਸਰਨਾ ਭਰਾਵਾਂ ਨੇ ਆਪਣੀਆਂ ਕੰਪਨੀਆਂ ਦੇ ਨਾਮ 'ਤੇ ਚੈਕ ਜਾਰੀ ਕਰ ਕੇ ਅਦਾਇਗੀਆਂ ਕੀਤੀਆਂ। ਉਹਨਾਂ ਦੱਸਿਆ ਕਿ ਇਜਲਾਸ ਵਿਚ ਮੈਂਬਰਾਂ ਨੇ ਕਿਹਾ ਕਿ ਨੈਤਿਕ ਤੌਰ 'ਤੇ ਗਲਤ ਕੰਮ ਕਰਨ ਦੀ ਅਜਿਹੀ ਮਿਸਾਲੀ ਸਜ਼ਾ ਦਿੱਤੀ ਜਾਵੇ ਤਾਂ ਜੋ ਭਵਿੱਖ ਵਿਚ ਕੋਈ ਵੀ ਸੰਗਤ ਵੱਲੋਂ ਦਿੱਤੇ ਜਾਂਦੇ ਦਸਵੰਧ ਦੇ ਗੋਲਕ ਦੇ ਪੈਸੇ ਵੱਲ ਝਾਕ ਵੀ ਨਾ ਸਕੇ। ਇਕ ਹੋਰ ਸਵਾਲ ਦੇ ਜਵਾਬ ਵਿਚ ਉਹਨਾਂ ਕਿਹਾ ਕਿ ਜੇਕਰ ਕਿਸੇ ਮੈਂਬਰ ਖਿਲਾਫ ਹੋਰ ਵੀ ਕੋਈ ਸ਼ਿਕਾਇਤ ਹੋਈ ਅਤੇ ਡਾਇਰੈਕਟਰ ਗੁਰਦੁਆਰਾ ਚੋਣਾਂ ਨੇ ਹਦਾਇਤ ਕੀਤੀ ਤਾਂ ਬਣਦੀ ਕਾਰਵਾਈ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਆਯੂਸ਼ਮਾਨ ਅਰੋਗਿਆ ਕੇਂਦਰ ਕਥੂਨੰਗਲ ਸਿਹਤ ਵਿਭਾਗ ਦੇ ਅਧਿਕਾਰੀਆਂ ਦੀ ਕਾਮਰੇਡ ਬਲਕਾਰ ਸਿੰਘ ਦੁਧਾਲਾ ਐਸਐਮਓ ਤੋਂ ਜਾਂਚ ਦੀ ਮੰਗ



**ਚੌਕ ਮਹਿਤਾ,25 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੂਬੇ ਦੀ ਮਾਨ ਸਰਕਾਰ ਵੱਲੋਂ ਸਿਹਤ ਸੇਵਾਵਾਂ ਨੂੰ ਜਿੱਥੇ ਸੂਬੇ ਵਿੱਚ ਵਧੀਆ ਢੰਗ ਨਾਲ ਚਲਾਉਣ ਦੇ ਦਾਵੇ ਕੀਤੇ ਜਾਂਦੇ ਹਨ ਪਰ ਕੁਦਰਤ ਅਧਿਕਾਰੀ ਇਹਨਾਂ ਦਾਵਿਆਂ ਨੂੰ ਤੇ ਸਮਝ ਰਹੇ ਹਨ ਜਿਸ ਦੀ ਤਾਜ਼ਾ ਮਿਸਾਲ ਆਯੂਸ਼ ਮਾਨ ਅਰੋਗਿਆ ਕੇਂਦਰ ਕੱਥੂ ਨੰਗਲ ਤੇ ਇਲਜ਼ਾਮ ਲਾਉਂਦਿਆਂ ਕਾਮਰੇਡ ਬਲਕਾਰ ਸਿੰਘ ਦੁਧਾਲਾ ਨੇ ਦੱਸਿਆ ਕਿ ਕੁਝ ਮੁਲਾਜ਼ਮ ਸਰਕਾਰ ਦੇ ਹੁਕਮਾਂ ਨੂੰ ਟਿੱਚ ਸਮਝਦੇ ਹਨ ਮੋਟੀਆਂ ਤਨਖਾਹਾਂ ਲੈਣ ਦੇ ਯੋਗ ਵੀ ਆਪਣੇ ਕੰਮ ਤੋਂ ਆਨਾ ਕਾਨੀ ਕਰ ਰਹੇ ਹਨ ਇਸ ਸਬੰਧੀ ਜਦੋਂ ਪੱਤਰਕਾਰਾਂ ਨੇ ਜਾ ਕੇ ਦੇਖਿਆ ਤਾਂ ਛੁੱਟੀ ਤੋਂ ਕੁਝ ਮਿੰਟ ਪਹਿਲਾਂ ਸਾਰੇ ਅਧਿਕਾਰੀ ਜਾ ਚੁੱਕੇ ਸਨ ਇੱਕ ਜੀਐਮ ਆਪਣੀ ਡਿਊਟੀ ਕਰ ਰਹੀ ਸੀ ਜਦੋਂ ਉਹਨਾਂ ਨੂੰ ਬਾਕੀ ਸਟਾਫ ਬਾਰੇ ਪੁੱਛਿਆ ਤਾਂ ਉਹਨਾਂ ਕਿਹਾ ਗੱਡੀਆਂ ਬਾਹਰ ਲੱਗੀਆਂ ਗੱਡੀ ਤੁਸੀਂ ਜਾ ਕੇ ਵੇਖ ਲਓ ਬਾਰ ਬਾਰ ਕੋਈ ਵੀ ਗੱਡੀ ਨਹੀਂ ਸੀ। ਲੱਗੀ ਇਸ ਸਬੰਧੀ ਜਦੋਂ ਡਾਕਟਰ ਮੈਡਮ ਨਾਲ ਸੰਪਰਕ ਕੀਤਾ ਗਿਆ ਤਾਂ ਉਹਨਾਂ ਕਿਹਾ ਅਸੀਂ ਆਪਣੀ ਡਿਊਟੀ ਇਮਾਨਦਾਰੀ ਨਾਲ ਨਿਭਾ ਰਹੇ ਹਾਂ ਤੇ ਮੈਂ ਅੱਜ ਸਿਰਫ ਦੋ ਮਿੰਟ ਛੁੱਟੀ ਤੋਂ ਪਹਿਲਾਂ ਹੀ ਜਰੂਰੀ ਕੰਮ ਕਰਕੇ ਗਈ ਹੈ ਇਸ ਸਬੰਧੀ ਜਦੋਂ ਐਸਐਮਓ ਡਾ ਸ਼ਿਵ ਚਰਨ ਸਿੰਘ ਨਾਲ ਸਪਾਰਕ ਕੀਤਾ ਤਾਂ ਉਹਨਾਂ ਕਿਹਾ ਹੈ ਕਿ ਸਟਾਪ ਦੀ ਕੁਝ ਘਾਟ ਵੀ ਹੈ ਅਤੇ ਬਾਕੀ ਜੋ ਵੀ ਆਪਣੀ ਡਿਊਟੀ ਦੀ ਅਣਗਹਿਲੀ ਵਰਤੇਗਾ ਉਸ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

### ਕਾਬਲ ਸਿੰਘ ਯੂ ਐੱਸ ਏ ਵੱਲੋਂ ਆਪਣੇ ਪਿਤਾ ਦੀ ਯਾਦ ਵਿੱਚ

# ਅੱਖਾਂ ਦਾ ਮੁਫ਼ਤ ਚੈੱਕਅਪ ਅਤੇ ਅਪ੍ਰੇਸ਼ਨ ਕੈਂਪ ਲਗਾਇਆ







ਹਠੂਰ/ਜਗਰਾਉਂ (ਵਰਿਆਮ ਹਠੂਰ)-ਜ਼ਿਲ੍ਹਾ ਲੁਧਿਆਣਾ ਦੇ ਆਖਰੀ ਪਿੰਡ ਬੁਰਜ਼ ਕਲਾਰਾ ਵਿਖੇ ਸਸ਼ੋਭਿਤ ਗੁਰਦੁਆਰਾ ਤਪ ਅਸਥਾਨ ਬਾਬਾ ਸਾਈਂ ਲੋਕ ਵਿਖੇ ਐੱਨ ਆਰ ਆਈ ਕਾਬਲ ਸਿੰਘ ਯੂ.ਐੱਸ. ਏ ਵੱਲੋਂ ਆਪਣੇ ਮਰਹੂਮ ਪਿਤਾ ਸੁਰਜੀਤ ਸਿੰਘ ਸਿੱਧੂ ਦੀ ਯਾਦ ਵਿੱਚ ਅੱਖਾਂ ਦਾ ਦੂਸਰਾ ਮੁਫ਼ਤ ਚੈੱਕਅਪ ਅਤੇ ਅਪ੍ਰੇਸ਼ਨ ਕੈਂਪ ਲਗਾਇਆ ਗਿਆ, ਜਿਸ ਵਿੱਚ ਸਰਬਜੀਤ ਮੈਮੋਰੀਅਲ ਸਹਾਇਤਾ ਚੈਰੀਟੇਬਲ ਹਸਪਤਾਲ ਗਿੱਲ ਰੋਡ ਸ਼ਰੀਂਹ (ਲੁਧਿਆਣਾ) ਤੋਂ ਡਾਕਟਰੀ ਟੀਮ ਪੁੱਜੀ, ਸਰਪੰਚ ਚਮਕੌਰ ਸਿੰਘ ਕੈਨੇਡਾ ਗ੍ਰਾਮ ਪੰਚਾਇਤ ਪਿੰਡ ਬੁਰਜ਼ ਕਲਾਰਾ, ਅਜੇ ਕੁਮਾਰ ਇੰਮੀਗ੍ਰੇਸ਼ਨ ਭਦੌੜ, ਬੀਬੀ ਜਸਵੀਰ ਕੌਰ ਬਾਲ ਘਰ ਤਲਵੰਡੀ ਰਾਏ, ਅਤੇ ਨਗਰ ਦੇ ਮੋਹਤਵਾਰਾਂ ਨੇ ਕੈਂਪ ਵਿੱਚ ਹਾਜ਼ਰੀ ਭਰੀ, ਸਭ ਤੋਂ ਪਹਿਲਾਂ ਗੁਰੂ ਘਰ ਦੇ ਵਜੀਰ ਬਾਬਾ ਗੁਰਨਾਇਬ ਸਿੰਘ ਜੀ ਰਾਮਾ ਨੇ ਸਤਿਗੁਰਾਂ ਅੱਗੇ ਅਰਦਾਸ ਬੇਨਤੀ ਕੀਤੀ, ਤੇ ਫਿਰ ਡਾਕਟਰ ਗੌਤਮ ਕੁਮਾਰ ਅਤੇ ਅਜੇ ਕੁਮਾਰ ਇੰਮੀਗ੍ਰੇਸ਼ਨ ਭਦੌੜ ਵੱਲੋਂ ਸਾਂਝੇ ਤੌਰ ਤੇ ਤਾੜੀਆਂ ਦੀ ਗੂੰਜ ਵਿੱਚ ਰੀਬਨ ਕੱਟਣ ਦੀ ਰਸਮ ਅਦਾ ਕੀਤੀ, ਡਾਕਟਰੀ ਟੀਮ ਵੱਲੋਂ ਮਰੀਜ਼ਾਂ ਦਾ ਲਗਾਤਾਰ ਚੈੱਕਅਪ ਕੀਤਾ ਗਿਆ, ਤੇ ਕੈਂਪ ਵਿੱਚ ਮਰੀਜ਼ਾਂ ਨੂੰ ਦਵਾਈਆਂ ਅਤੇ ਐਨਕਾਂ ਮੁਫ਼ਤ ਦਿੱਤੀਆਂ ਗਈਆਂ, ਜਾਣਕਾਰੀ ਦਿੰਦਿਆਂ ਡਾਕਟਰੀ ਟੀਮ ਨੇ ਕਿਹਾ ਕਿ ਕੈਂਪ ਵਿੱਚ ਕੁੱਲ 164 ਮਰੀਜ਼ਾਂ ਨੇ ਆਪਣਾ ਚੈੱਕਅਪ ਕਰਵਾਇਆ, ਤੇ 14 ਮਰੀਜ਼ ਅਪ੍ਰੇਸ਼ਨ ਲਈ ਚੁਣੇ ਗਏ ਗੱਲਬਾਤ ਕਰਦਿਆਂ ਅਜੇ ਕੁਮਾਰ ਇੰਮੀਗ੍ਰੇਸ਼ਨ ਭਦੌੜ ਅਤੇ ਸਰਪੰਚ ਚਮਕੌਰ ਸਿੰਘ ਕੈਨੇਡਾ ਨੇ ਕਿਹਾ ਕਿ ਕਾਬਲ ਸਿੰਘ ਯੂ ਐੱਸ ਏ ਵੱਲੋਂ ਆਪਣੇ ਮਰਹੂਮ ਪਿਤਾ ਸੁਰਜੀਤ ਸਿੰਘ ਸਿੱਧੂ ਦੀ ਯਾਦ ਵਿੱਚ ਅੱਖਾਂ ਦਾ ਦੂਸਰਾ ਮੁਫ਼ਤ ਚੈੱਕਅਪ ਅਤੇ ਅਪ੍ਰੇਸ਼ਨ ਕੈਂਪ ਲਗਾਇਆ ਗਿਆ, ਜੋ ਬਹੁਤ ਹੀ ਸ਼ਲਾਘਾਯੋਗ ਕਦਮ ਹੈ। ਅਜਿਹੇ ਵਧੀਆ ਕੈਂਪ ਹੋਰ ਵੀ ਸੰਸਥਾਵਾਂ, ਕਲੱਬਾਂ, ਐੱਨ ਆਰ ਆਈ ਵੀਰਾਂ ਨੂੰ ਪਿੰਡਾਂ ਸ਼ਹਿਰਾਂ ਕਸਬਿਆਂ ਵਿੱਚ ਲਗਵਾਉਣੇ ਚਾਹੀਦੇ ਹਨ। ਅੰਤ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਗ੍ਰਾਮ ਪੰਚਾਇਤ ਵੱਲੋਂ ਜਿੱਥੇ ਕਾਬਲ ਸਿੰਘ ਯੂ ਐੱਸ ਏ ਦੇ ਪਰਿਵਾਰਕ ਮੈਂਬਰਾਂ ਮਾਤਾ ਅਮਰਜੀਤ ਕੌਰ, ਭੈਣ ਰਣਬੀਰ ਕੌਰ ਸਮੇਤ ਹੋਰ ਡਾਕਟਰੀ ਟੀਮ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ, ਉੱਥੇ ਅਜੇ ਕੁਮਾਰ ਭਦੌੜ, ਬੀਬੀ ਜਸਵੀਰ ਕੌਰ ਬਾਲ ਘਰ ਤਲਵੰਡੀ ਰਾਏ, ਸਮੇਤ ਪੁੱਜੀਆਂ ਸਤਿਕਾਰਯੋਗ ਸ਼ਖ਼ਸੀਅਤਾਂ ਨੂੰ ਵੀ ਸਿਰੋਪਾਓ ਦਿੱਤੇ ਗਏ, ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਚਮਕੌਰ ਸਿੰਘ ਕੈਨੇਡਾ, ਅਜੇ ਕੁਮਾਰ ਭਦੌੜ, ਬੀਬੀ ਜਸਵੀਰ ਕੌਰ ਬਾਲ ਘਰ ਤਲਵੰਡੀ ਰਾਏ, ਰਣਬੀਰ ਕੌਰ, ਗੁਰਸੇਵਕ ਸਿੰਘ, ਕੁਲਦੀਪ ਸਿੰਘ, ਅਵਤਾਰ ਸਿੰਘ ਸਿੱਧੂ, ਮਿੱਠੂ ਸਿੰਘ ਬੁਰਜ ਕੁਲਾਰਾ, ਡਾ ਦੰਮਣ ਸਿੰਘ, ਸਾਬਕਾ ਸਰਪੰਚ ਸੁਖਵਿੰਦਰ ਸਿੰਘ ਰਾਜੂ ਜਗਤਾਰ ਸਿੰਘ ਕਾਲਾ, ਡਾਕਟਰੀ ਟੀਮ ਵਿੱਚ ਡਾਕਟਰ ਰਜਿੰਦਰ ਸਿੰਘ ਲੁਧਿਆਣਾ, ਡਾਕਟਰ ਗੌਤਮ ਕੁਮਾਰ (ਰਾੜਾ ਸਾਹਿਬ) ਸਟਾਫ਼ ਮੈਂਬਰ ਬਖਸ਼ੀਸ਼ ਸਿੰਘ, ਸੁਖਵਿੰਦਰ ਕੌਰ, ਸੋਨਮ ਸ਼ਰਮਾ, ਮਨੀ ਸਿੰਘ, ਸਮੇਤ ਅਨੇਕਾਂ ਸੰਗਤਾਂ ਹਾਜ਼ਰ ਸਨ। ਗੁਰੂ ਕਾ ਲੰਗਰ ਅਤੁੱਟ ਵਰਤਿਆ।

**ਡਾ ਗੌਤਮ ਕੁਮਾਰ ਅਤੇ ਅਜੇ ਕੁਮਾਰ ਭਦੌੜ ਨੇ ਸਾਂਝੇ ਰੀਬਨ ਕੱਟਣ ਦੀ ਰਸਮ ਅਦਾ ਕੀਤੀ**

## ਤਲਬੀਰ ਗਿੱਲ ਵੱਲੋਂ ਵਿਕਾਸ ਕਾਰਜਾਂ ਵਾਸਤੇ ਸਿਰਤੋੜ ਯਤਨ ਲਗਾਤਾਰ ਕੀਤੇ ਜਾ ਰਹੇ : ਸਰਪੰਚ ਕੁਲਵਿੰਦਰ ਸਿੰਘ ਮਿਠਾ



ਚੌਕ ਮਹਿਤਾ, 25 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)-ਅਜੋਕੇ ਸਮੇਂ ਲੋਕ ਸੇਵਾ ਨੂੰ ਮੱਦੇਨਜ਼ਰ ਰੱਖਦਿਆਂ ਵਿਤਕਰੇਬਾਜ਼ੀ ਉਪਰ ਉਠ ਕੇ ਨਿਰਸਵਾਰਥ ਜਨਤਾ ਦੀ ਭਲਾਈ ਦੇ ਕੰਮ ਤੇ ਵਿਕਾਸ ਕਾਰਜ ਕਰਵਾ ਕੇ ਪਿੰਡਾਂ ਨੂੰ ਤਰੱਕੀ, ਉੱਨਤੀ ਤੇ ਖੁਸ਼ਹਾਲੀ ਵੱਲ ਲਿਜਾਣਾ ਮਨੁੱਖਤਾ ਦੇ ਭਲੇ ਲਈ ਸੱਚੀ ਸੁੱਚੀ ਤੇ ਉੱਤਮ ਸੇਵਾ ਹੈ, ਜਿਸ ਨੂੰ ਹਰ ਪੰਚਾਇਤ ਦੇ ਸਰਪੰਚ ਨੂੰ ਮੁੱਖ ਮੰਤਰੀ ਪੰਜਾਬ ਦੀ ਹਾਜ਼ਰੀ ਵਿਚ ਖਾਧੀ ਸਹੁੰ ਮੁਤਾਬਕ ਜਜ਼ਬੇ ਸਹਿਤ ਤਰਜੀਹ ਦੇਣ ਦੀ ਲੋੜ ਹੈ ਤਾਂ ਕਿ ਪਿੰਡਾਂ ਦੀ ਹਾਲਤ ਵਿਕਾਸ ਪੱਖੋਂ ਕੈਲੀਫੋਰਨੀਆ ਵਾਂਗ ਬਣ ਸਕੇ। ਉਪਰੋਕਤ ਵਿਚਾਰ ਆਮ ਆਦਮੀ ਪਾਰਟੀ ਹਲਕਾ ਮਜੀਠਾ 'ਚ ਸਰਪੰਚ ਕੁਲਵਿੰਦਰ ਸਿੰਘ ਮਿਠਾ ਚੰਨਣਕੇ ਤੋਂ ਨੇ ਮੁਲਾਕਾਤ ਦੌਰਾਨ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਹਲਕਾ ਮਜੀਠਾ 'ਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਵਿਕਾਸ ਕਾਰਜਾਂ ਵਾਸਤੇ ਸਿਰਤੋੜ ਯਤਨ ਲਗਾਤਾਰ ਕੀਤੇ ਜਾ ਰਹੇ ਹਨ ਕਿਉਂਕਿ ਉਨ੍ਹਾਂ ਦੀ ਈਮਾਨਦਾਰੀ, ਮਿਹਨਤ ਤੇ ਦ੍ਰਿੜ੍ਹਤਾ ਨੂੰ ਭਾਂਪਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹਰ ਤਰ੍ਹਾਂ ਦਾ ਭਰਪੂਰ ਸਹਿਯੋਗ ਦੇ ਰਹੇ ਹਨ, ਜਿਸ ਤੋਂ ਮਜੀਠ ਹਲਕੇ ਦੇ ਲੋਕ ਪੂਰੀ ਤਰ੍ਹਾਂ ਸੰਤੁਸ਼ਟ ਹਨ। ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਜ਼ਿਲਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਦਾ 'ਆਪ' ਤੇ ਰਵਾਇਤੀ ਪਾਰਟੀਆਂ ਵਿਚਕਾਰ ਦਸੰਬਰ ਮਹੀਨੇ ਸੈਮੀਫਾਈਨਲ ਹੋਣ ਜਾ ਰਿਹਾ ਹੈ, ਜਿਸ ਦੀ ਜਿੱਤ ਆਉਣ ਵਾਲੀ ਸਰਕਾਰ ਦਾ ਮੁੱਢ ਬੰਨ੍ਹੇਗੀ।

## ਪੁਲਿਸ ਵੱਲੋਂ ਮਿਤੀ 18.10.2025 ਤੋਂ 24.10.2025 ਤਕ 30 ਮੁਕੱਦਮੇ ਦਰਜ; 37 ਮੁਲਜ਼ਮ ਗ੍ਰਿਫਤਾਰ



ਸੰਗਰੂਰ ( ਰਣਜੀਤ ਸਿੰਘ ਪੇਧਨੀ )-ਸ਼੍ਰੀ ਸਰਤਾਜ ਸਿੰਘ ਚਾਹਲ, ਆਈ.ਪੀ.ਐਸ., ਐਸ.ਐਸ.ਪੀ., ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 18.10.2025 ਤੋਂ 24.10.2025 ਤੱਕ ਡਰੱਗ ਦੇ 21 ਮੁਕੱਦਮੇ ਦਰਜ ਕਰ ਕੇ 28 ਕਥਿਤ ਦੋਸ਼ੀਆਂ ਨੂੰ ਕਾਬੂ ਕਰ ਕੇ 212 ਗ੍ਰਾਮ ਹੈਰੋਇਨ, 13 ਕਿੱਲੋ 700 ਗ੍ਰਾਮ ਭੁੱਕੀ ਚੂਰਾ ਪੋਸਤ ਅਤੇ 169 ਨਸ਼ੀਲੀਆਂ ਗੋਲੀਆਂ ਬ੍ਰਾਮਦ ਕਰਵਾਈਆਂ ਗਈਆਂ। ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 09 ਮੁਕੱਦਮੇ ਦਰਜ ਕਰ ਕੇ 09 ਕਥਿਤ ਦੋਸ਼ੀਆਂ ਨੂੰ ਕਾਬੂ ਕਰ ਕੇ 102.750 ਲੀਟਰ ਸ਼ਰਾਬ ਠੇਕਾ ਦੇਸੀ, 02 ਲੀਟਰ ਸ਼ਰਾਬ ਨਾਜਾਇਜ਼ ਅਤੇ 250 ਲੀਟਰ ਲਾਹਣ ਬ੍ਰਾਮਦ ਕਰਵਾਈ ਗਈ। ਲੋਕਾਂ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰਾਂ ਨਾਲ ਮੀਟਿੰਗਾਂ ਕਰ ਕੇ ਆਮ ਪਬਲਿਕ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਅਰਸੇ ਦੌਰਾਨ ਵੱਖ ਵੱਖ ਗਜ਼ਿਟਡ ਅਫਸਰਾਂ ਵੱਲੋਂ 34 ਪਿੰਡਾਂ/ਸ਼ਹਿਰਾਂ ਵਿੱਚ ਆਮ ਪਬਲਿਕ ਨਾਲ ਮੀਟਿੰਗਾਂ ਕਰ ਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਆਮ ਪਬਲਿਕ ਨੂੰ ਨਸ਼ੇ ਦਾ ਧੰਦਾਂ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹਾਂ ਦੇਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖਿਲਾਫ ਜੰਗ ਜਾਰੀ ਹੈ।

## ਪੰਜ਼ਾਬ ਗੌਰਮਿੰਟ ਪੈਨਸ਼ਨਰਜ਼ ਐਸੋਸ਼ੀਏਸ਼ਨ ਬਠਿੰਡਾ ਵੱਲੋਂ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਸਹਿਯੋਗ ਨਾਲ ਵਿਦਿਆਰਥੀਆਂ ਨੂੰ ਵਰਦੀਆਂ ਵੰਡੀਆਂ



ਫ਼ਿਰੋਜ਼ਪੁਰ, 25 ਅਕਤੂਬਰ (ਮਨੋਹਰ ਲਾਲ) :— ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਜਨਰਲ ਸਕੱਤਰ ਅਤੇ ਪੰਜ਼ਾਬ ਗੌਰਮਿੰਟ ਪੈਨਸ਼ਨਰਜ ਐਸੋਸੀਏਸ਼ਨ ਬਠਿੰਡਾ ਦੇ ਪ੍ਰਧਾਨ ਸ਼੍ਰੀ ਰਣਜੀਤ ਸਿੰਘ ਨੇ ਸਾਂਝੇ ਬਿਆਨ ਰਾਹੀਂ ਦੱਸਿਆ ਕਿ ਪਿਛਲੇ ਦਿਨੀਂ ਕੁਦਰਤੀ ਆਫ਼ਤਾਂ ਬਾਰਸ਼ਾਂ ਅਤੇ ਬਾਦਲਾਂ ਦੇ ਫਟਣ ਕਾਰਨ ਭਾਰੀ ਹੜ ਆਏ, ਜਿਸ ਕਾਰਨ ਜਾਨ ਮਾਲ ਦਾ ਭਾਰੀ ਨੁਕਸਾਨ ਹੋਇਆ, ਲੋਕਾਂ ਦੀਆਂ ਫ਼ਸਲਾਂ ਤਬਾਹ ਹੋ ਗਈਆਂ, ਪਸ਼ੂ ਮਾਰੇ ਗਏ, ਘਰ ਗਿਰ ਗਏ। ਗੱਲਬਾਤ ਕਰਦਿਆਂ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਨੇ ਦੱਸਿਆ ਕਿ ਇਸ ਮੁਸੀਬਤ ਵੇਲੇ ਬਹੁਤ ਸਾਰੀਆਂ ਸਮਾਜ ਸੇਵੀ ਸੰਸਥਾਵਾਂ ਨੇ ਪੀੜਤ ਪਰਿਵਾਰਾਂ ਦੀ ਹਰ ਸੰਭਵ ਸਹਾਇਤਾ ਕਰਨ ਲਈ ਦਿਨ ਰਾਤ ਮਿਹਨਤ ਕੀਤੀ। ਇਸ ਮੌਕੇ ਪੰਜ਼ਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਬਠਿੰਡਾ ਦੇ ਪ੍ਰਧਾਨ ਸ਼੍ਰੀ ਰਣਜੀਤ ਸਿੰਘ ਨੇ ਅਪਣੀ ਟੀਮ ਨਾਲ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਸਹਿਯੋਗ ਨਾਲ ਸਰਕਾਰੀ ਸਕੂਲ ਗਟੀ ਰਾਜੋ ਕੇ ਅਤੇ ਟੇਂਢੀ ਵਾਲਾ ਦੇ ਵਿਦਿਆਰਥੀਆਂ ਨੂੰ ਸਕੂਲੀ ਵਰਦੀਆਂ ਵੰਡੀਆਂ ਅਤੇ ਵਿਸ਼ਵਾਸ ਦਵਾਇਆ ਕਿ ਵਿਦਿਆਰਥੀਆਂ ਦੀ ਹਰ ਸੰਭਵ ਸਹਾਇਤਾ ਕੀਤੀ ਜਾਏਗੀ। ਇਸ ਮੌਕੇ ਡਾਕਟਰ ਸਤਿੰਦਰ ਸਿੰਘ ਡਿਪਟੀ ਜ਼ਿਲ੍ਹਾ ਸਿੱਖਿਆ ਅਫ਼ਸਰ ਫ਼ਿਰੋਜ਼ਪੁਰ, ਸਕੂਲਾਂ ਦੇ ਅਧਿਆਪਕ, ਰਣਜੀਤ ਸਿੰਘ ਪ੍ਰਧਾਨ, ਸੁਰਿੰਦਰ ਸ਼ਰਮਾਂ, ਦਰਸ਼ਨ ਸਿੰਘ ਮੌੜ, ਰਘਬੀਰ ਸਿੰਘ ਸਿਵੀਆ, ਗੁਰਚਰਨ ਸਿੰਘ ਨਈਆਂ ਵਾਲ਼ਾ ਪੈਨਸ਼ਨਰਜ ਆਗੂ ਬਠਿੰਡਾ, ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਸਰਪ੍ਰਸਤ ਦੇਸ਼ ਬੰਧੂ ਤੁਲੀ, ਰਾਕੇਸ਼ ਸ਼ਰਮਾ ਕੋਆਰਡੀਨੇਟਰ, ਅਸ਼ੋਕ ਕੁਮਾਰ ਗਰਗ ਕੈਸ਼ੀਅਰ, ਪਰਵੀਨ ਧਵਨ ਪ੍ਰੋਜੈਕਟ ਚੇਅਰਮੈਨ, ਚਰਨਜੀਤ ਮਹਾਜਨ, ਯੋਗਿੰਦਰ ਨਾਥ ਕੱਕੜ ਆਦਿ ਨੇ ਸੰਬੋਧਨ ਕੀਤਾ ਅਤੇ ਪੰਜ਼ਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਬਠਿੰਡਾ ਦੇ ਸਾਥੀਆਂ ਦਾ ਵਿਦਿਆਰਥੀਆਂ ਨੂੰ ਵਰਦੀਆਂ ਦੇਣ ਲਈ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਖਾਲਸਾ ਅਕੈਡਮੀ ਵਿੱਚ 27ਵਾਂ ਸਲਾਨਾ ਖੇਡ ਸਮਾਰੋਹ ਦਾ ਆਯੋਜਨ

# ਮੁੱਖ ਮੰਤਰੀ ਮਾਨ ਦੇ ਓ ਐਸ ਡੀ ਰਾਜਬੀਰ ਘੁੰਮਣ ਨੇ ਕੀਤੀ ਇਨਾਮਾਂ ਦੀ ਵੰਡ



**ਚੌਂਕ ਮਹਿਤਾ, 25 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਮਹਿਤਾ ਚੌਂਕ ਜੋ ਕੇ ਦਮਦਮੀ ਟਕਸਾਲ ਦੇ 16ਵੇਂ ਮੁਖੀ ਮਾਨਯੋਗ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਜੀ ਦੀ ਸਹਿਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਕ ਅਦਾਰੇ ਖਾਲਸਾ ਅਕੈਡਮੀ ਮਹਿਤਾ ਚੌਂਕ ਵਿਖੇ 27ਵੀ ਸਲਾਨਾ ਖੇਡ ਸਮਾਰੋਹ ਦਾ ਉਦਘਾਟਨ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੇ ਓ ਐਸ ਡੀ ਸਰਦਾਰ ਰਾਜਵੀਰ ਸਿੰਘ ਘੁੰਮਣ ਵੱਲੋਂ ਸਾਲਾਨਾ ਖੇਡ ਸਮਾਰੋਹ ਦਾ ਆਗਾਜ਼ ਝੰਡਾ ਲਹਿਰਾ ਕੇ ਅਤੇ ਗੁਬਾਰੇ ਛੱਡ ਕੇ ਕੀਤਾ ਗਿਆ।

ਖਾਲਸਾ ਅਕੈਡਮੀ ਦੇ ਬੱਚਿਆਂ ਵੱਲੋਂ ਸ਼ਬਦ ਗਾਇਨ ਕਰਕੇ ਖੇਡਾਂ ਦੀ ਸ਼ੁਰੂਆਤ ਕੀਤੀ ਗਈ ਜਿਸ ਵਿੱਚ ਸਭ ਜੂਨੀਅਰ ਅਤੇ ਜੂਨੀਅਰ ਦੇ ਲੜਕੇ ਅਤੇ ਲੜਕੀਆਂ ਦੇ ਖੇਡ ਮੁਕਾਬਲੇ ਕਰਵਾਏ ਗਏ ਸਬ ਜੂਨੀਅਰ ਦੇ ਲੜਕੇ ਲੜਕੀਆਂ ਦੇ ਮੁਕਾਬਲੇ ਵਿੱਚ 100 ਮੀਟਰ ਰੇਸ ਫਰੌਗ ਰੇਸ ਆਦਿ ਮੁਕਾਬਲੇ ਕਰਵਾਏ ਗਏ ਜੂਨੀਅਰ ਲੜਕੇ ਲੜਕੀਆਂ ਦੇ ਮੁਕਾਬਲੇ ਵਿੱਚ 200 ਮੀਟਰ ਇਸ ਲੌਂਗ ਜੰਪ ਹਾਈ ਜਮ ਬੈਕ ਰੇਸ ਆਦਿ ਮੁਕਾਬਲਿਆਂ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਵਾਲਿਆਂ ਬੱਚਿਆਂ ਨੇ ਗੋਲਡ ਮੈਡਲ ਦੂਸਰਾ ਸਥਾਨ ਪ੍ਰਾਪਤ ਕਰਨ ਵਾਲੇ ਬੱਚਿਆਂ ਨੇ ਸਿਲਵਰ ਮੈਡਲ ਅਤੇ ਤੀਸਰਾ ਸਥਾਨ ਪ੍ਰਾਪਤ ਕਰਨ ਵਾਲੇ ਬੱਚਿਆਂ ਨੇ ਬਰੌਨਸ ਮੈਡਲ ਜਿੱਤ ਕੇ ਖੇਡਾਂ ਦੀ ਸ਼ਾਨ ਵਧਾਈ ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ/ਡਾਇਰੈਕਟਰ ਡਾਕਟਰ ਜਤਿੰਦਰ ਸ਼ਰਮਾ ਜੀ ਨੇ ਖੇਡਾਂ ਦੇ ਨਾਲ ਨਾਲ ਅਨੁਸ਼ਾਸਨ ਵਿੱਚ ਰਹਿਣ ਲਈ ਵੀ ਪ੍ਰੇਰਿਤ ਕੀਤਾ।

ਇਸ ਮੌਕੇ ਸਰਦਾਰ ਰਾਜਵੀਰ ਸਿੰਘ ਘੁੰਮਣ ਓ ਐਸ ਡੀ ਮੁੱਖ ਮੰਤਰੀ ਪੰਜਾਬ,ਸਰਦਾਰ ਜਤਿੰਦਰ ਸਿੰਘ ਭੰਗੂ ਚੀਫ ਇੰਜੀਨੀਅਰ ਪੰਜਾਬ ਮੰਡੀ ਬੋਰਡ, ਸਰਦਾਰ ਤਜਿੰਦਰ ਸਿੰਘ ਵੜੈਚ, ਡਾਕਟਰ ਨਰਪਿੰਦਰ ਸਿੰਘ ਵਾਈਸ ਚਾਂਸਲਰ ਗਰਾਫਿਕ ਇਰਾ ਯੂਨੀਵਰਸਿਟੀ ਦੇਹਰਾਦੂਨ, ਗਿਆਨੀ ਸਾਹਿਬ ਸਿੰਘ ਦਮਦਮੀ ਟਕਸਾਲ, ਪ੍ਰਿੰਸੀਪਲ/ਡਾਇਰੈਕਟਰ ਡਾਕਟਰ ਜਤਿੰਦਰ ਸ਼ਰਮਾ, ਸਰਦਾਰ ਹਰਸ਼ਦੀਪ ਸਿੰਘ ਮੈਂਬਰ ਚੀਫ ਖਾਲਸਾ ਦੀਵਾਨ, ਸਰਦਾਰ ਅਵਤਾਰ ਸਿੰਘ ਬੁਟਰ ਮੈਂਬਰ ਚੀਫ ਖਾਲਸਾ ਦੀਵਾਨ, ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ, ਹਸਪਤਾਲ ਇੰਚਾਰਜ ਮੈਡਮ ਪਰਵੀਨ ਕੌਰ, ਖਾਲਸਾ ਨਰਸਿੰਗ ਕਾਲਜ ਦੇ ਪ੍ਰਿੰਸੀਪਲ ਮੈਡਮ ਹਰਜੀਤ ਕੌਰ, ਅਥਲੈਟਿਕ ਕੋਚ ਸ੍ਰੀ ਸਚਿਨ ਕੁਮਾਰ, ਦਮਨਪ੍ਰੀਤ ਸਿੰਘ, ਹਾਕੀ ਕੋਚ ਬਲਜਿੰਦਰ ਸਿੰਘ ਰੰਧਾਵਾ, ਮਨਮੀਤ ਸਿੰਘ, ਮੈਡਮ ਹਰਜੀਤ ਕੌਰ, ਮੈਡਮ ਬਲਜਿੰਦਰ ਕੌਰ ਅਤੇ ਸਮੂਹ ਅਧਿਆਪਕ ਸਾਹਿਬਾਨਾਂ ਨੇ ਬੱਚਿਆਂ ਦੀ ਹੌਸਲਾ ਅਫਜਾਈ ਕੀਤੀ ਅਤੇ ਜੇਤੂਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

### ਪੰਜ਼ਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਦਾ ਵਫਦ

# ਵਣ ਪਾਲ ਫ਼ਿਰੋਜ਼ਪੁਰ ਸਰਕਲ ਨੂੰ ਮਿਲਿਆ



ਫ਼ਿਰੋਜ਼ਪੁਰ, 25 ਅਕਤੂਬਰ (ਮਨੋਹਰ ਲਾਲ):— ਪੰਜ਼ਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਵੱਲੋਂ ਵਣ ਵਿਭਾਗ ਦੇ ਸੇਵਾ ਮੁਕਤ ਵਣ ਪੈਨਸ਼ਨਰ ਦੇ ਬਣਦੇ ਸੇਵਾ ਲਾਭ ਜਿਵੇਂ ਗਰੈਚੁਟੀ, ਲਿਵਇਨਕੈਸ਼ ਮੈਂਟ, ਜੀ.ਪੀ ਫੰਡ, ਏ.ਸੀ.ਪੀ. ਦਾ ਲਾਭ ਸਮੇਂ ਸਿਰ ਦੇਣ, ਚਲਦੇ ਕੇਸਾਂ ਅਤੇ ਅਪੀਲਾਂ ਨਾਲ ਸਬੰਧਤ ਰਿਕਾਰਡ ਦੇਣ, ਰਿਕਾਰਡ ਦੇ ਆਧਾਰ ਤੇ ਸਮਾਂ ਬੱਧ ਨਿਪਟਾਰਾ, ਪੈਨਸ਼ਨ ਕੇਸ ਸਮੇਂ ਸਿਰ ਮਾਣਯੋਗ ਮਹਾਂ ਲੇਖਾ ਕਾਰ ਪੰਜਾਬ ਨੂੰ ਭੇਜਣ ਆਦਿ ਸਬੰਧੀ ਵਣ ਪਾਲ ਫ਼ਿਰੋਜ਼ਪੁਰ ਸਰਕਲ ਸ਼੍ਰੀ ਵਿਸ਼ਾਲ ਚੌਹਾਨ ਨਾਲ ਮੀਟਿੰਗ ਕੀਤੀ ਜਿਨ੍ਹਾਂ ਦੇ ਨਾਲ ਵਿਭਾਗ ਵੱਲੋਂ ਸ੍ਰੀਮਤੀ ਜਸਬੀਰ ਕੌਰ ਪ੍ਰਬੰਧਕੀ ਅਫ਼ਸਰ, ਰਣਜੀਤ ਸਿੰਘ ਸੁਪਰਡੈਂਟ, ਗੁਰਪਾਲ ਸਿੰਘ ਕਲਰਕ ਅਤੇ ਪੰਜ਼ਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਬਲਵਿੰਦਰ ਸਿੰਘ ਸੰਧੂ, ਰਸ਼ਪਾਲ ਸਿੰਘ ਸੀਨੀਅਰ ਮੀਤ ਪ੍ਰਧਾਨ, ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਹਰਬੰਸ ਸਿੰਘ ਮੈਂਬਰ ਮੀਟਿੰਗ ਵਿਚ ਸ਼ਾਮਲ ਹੋਏ। ਮੀਟਿੰਗ ਵਿਚ ਵਿਸਥਾਰ ਸਹਿਤ ਮੰਗਾਂ ਅਤੇ ਸਮੱਸਿਆਵਾਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਪੰਜ਼ਾਬ ਦੇ ਵਾਤਾਵਰਨ ਨੂੰ ਬਚਾਉਣ ਅਤੇ ਹਰਾ ਭਰਾ ਕਰਨ ਲਈ ਐਸੋਸੀਏਸ਼ਨ ਵੱਲੋਂ ਪੂਰਨ ਸਹਿਯੋਗ ਦੇਣ ਦਾ ਯਕੀਨ ਦਵਾਇਆ। ਹੋਰ ਗੱਲਬਾਤ ਕਰਦਿਆਂ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਨੇ ਦੱਸਿਆ ਕਿ ਵਣ ਪਾਲ ਨੇ ਵਿਸ਼ਵਾਸ਼ ਦਵਾਇਆ ਕਿ ਜਲਦੀ ਹੀ ਇਨ੍ਹਾਂ ਮੰਗਾਂ ਅਤੇ ਸਮੱਸਿਆਵਾਂ ਦੇ ਸਬੰਧੀ ਮੀਟਿੰਗ ਕਰਕੇ ਸਮਾਧਾਨ ਕੀਤਾ ਜਾਵੇਗਾ। ਇਸ ਸਬੰਧੀ ਫ਼ਿਰੋਜ਼ਪੁਰ ਸਰਕਲ ਅਧੀਨ ਆਉਂਦੇ ਵਣ ਮੰਡਲ ਸ਼੍ਰੀ ਮੁਕਤਸਰ ਸਾਹਿਬ, ਬਠਿੰਡਾ ਅਤੇ ਫ਼ਿਰੋਜ਼ਪੁਰ ਅਤੇ ਸ਼੍ਰੀ ਅੰਮ੍ਰਿਤਸਰ ਨਾਲ ਸਬੰਧਤ ਕੇਸਾਂ ਬਾਰੇ ਵੀ ਪੱਤਰ ਜਾਰੀ ਕੀਤੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮਾਂ ਦੀ ਸ਼ੁਰੂਆਤ ਲਈ ਭਗਵੰਤ ਮਾਨ ਸਰਕਾਰ ਨੇ ਗੁਰੂ ਸਾਹਿਬ ਤੋਂ ਲਿਆ ਅਸ਼ੀਰਵਾਦ



**ਨਵੀਂ ਦਿੱਲੀ 25 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਮਨਾਉਣ ਲਈ ਸਮਾਗਮਾਂ ਦੀ ਲੜੀ ਦੀ ਅੱਜ ਸ਼ੁਰੂਆਤ ਕੀਤੀ, ਜਿਸ ਤੋਂ ਬਾਅਦ ਸੀਨੀਅਰ ਕੈਬਨਿਟ ਮੰਤਰੀਆਂ ਨੇ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਅਰਦਾਸ ਕੀਤੀ। ਹਿੰਦ ਦੀ ਚਾਦਰ ਦੇ 350ਵੇਂ ਸ਼ਹੀਦੀ ਦਿਵਸ ਦੀ ਯਾਦ ਵਿੱਚ ਸਮਾਗਮਾਂ ਦੀ ਸ਼ੁਰੂਆਤ ਲਈ ਹੋਈ 'ਅਰਦਾਸ' ਵਿੱਚ ਕੈਬਨਿਟ ਮੰਤਰੀ ਅਮਨ ਅਰੋੜਾ, ਹਰਜੋਤ ਸਿੰਘ ਬੈਂਸ, ਹਰਭਜਨ ਸਿੰਘ ਈ.ਟੀ.ਓ., ਤਰੁਨਪ੍ਰੀਤ ਸਿੰਘ ਸੌਂਦ, ਗੁਰਮੀਤ ਸਿੰਘ ਖੁੱਡੀਆਂ, ਬਰਿੰਦਰ ਕੁਮਾਰ ਗੋਇਲ, ਹਰਦੀਪ ਸਿੰਘ ਮੁੰਡੀਆਂ ਅਤੇ ਡਾ. ਬਲਬੀਰ ਸਿੰਘ, ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ, ਵਿਧਾਇਕ ਕੁਲਦੀਪ ਸਿੰਘ ਧਾਲੀਵਾਲ, ਸਲਾਹਕਾਰ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਦੀਪਕ ਬਾਲੀ ਤੇ ਹੋਰ ਸ਼ਾਮਲ ਹੋਏ। ਮੰਤਰੀ, ਹੋਰ ਅਧਿਕਾਰੀ ਅਤੇ ਸੰਗਤ ਲਾਲ ਕਿਲ੍ਹੇ ਤੋਂ ਨੰਗੇ ਪੈਰੀਂ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਮੱਥਾ ਟੇਕਣ ਲਈ ਆਏ। ਉਨ੍ਹਾਂ ਨੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ ਪਵਿੱਤਰ ਸ਼ਹੀਦੀ ਸਥਾਨਾਂ 'ਤੇ ਵੀ ਸ਼ਰਧਾਂਜਲੀ ਭੇਟ ਕੀਤੀ, ਜਿਨ੍ਹਾਂ ਨੇ ਗੁਰੂ ਪ੍ਰਤੀ ਸ਼ਰਧਾ ਵਿੱਚ ਬੇਮਿਸਾਲ ਕੁਰਬਾਨੀਆਂ ਕੀਤੀਆਂ। ਕੈਬਨਿਟ ਮੰਤਰੀਆਂ ਨੇ ਲੋਕਾਂ ਨੂੰ ਗੁਰੂ ਜੀ ਦੇ ਪਿਆਰ, ਧਰਮ ਨਿਰਪੱਖਤਾ, ਧਾਰਮਿਕ ਸਹਿਣਸ਼ੀਲਤਾ, ਧਾਰਮਿਕ ਆਜ਼ਾਦੀ ਅਤੇ ਸ਼ਾਂਤੀਪੂਰਨ ਸਹਿ-ਹੋਂਦ ਦੇ ਵਿਸ਼ਵਵਿਆਪੀ ਸੰਦੇਸ਼ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ। ਇਸ ਨੂੰ ਮਨੁੱਖਤਾ ਅਤੇ ਧਾਰਮਿਕ ਆਜ਼ਾਦੀ ਲਈ ਗੁਰੂ ਸਾਹਿਬ ਦੇ ਸਰਵਉੱਚ ਬਲੀਦਾਨ ਦੇ ਸੰਦੇਸ਼ ਦਾ ਪਸਾਰ ਕਰਨ ਦਾ ਮੌਕਾ ਦੱਸਦਿਆਂ ਉਨ੍ਹਾਂ ਕਿਹਾ ਕਿ ਨੌਂਵੇਂ ਗੁਰੂ ਸਾਹਿਬ ਦਾ ਜੀਵਨ ਅਤੇ ਫ਼ਲਸਫ਼ਾ ਦੁਨੀਆ ਲਈ ਚਾਨਣ ਮੁਨਾਰਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਨੇ ਇਸ ਵੱਡੇ ਸਮਾਗਮ ਨੂੰ ਢੁਕਵੇਂ ਢੰਗ ਨਾਲ ਮਨਾਉਣ ਲਈ ਵਿਆਪਕ ਪ੍ਰਬੰਧ ਕੀਤੇ ਹਨ। ਮੰਤਰੀਆਂ ਨੇ ਕਿਹਾ ਕਿ ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਨੇ ਮਨੁੱਖਤਾ ਦੇ ਧਾਰਮਿਕ ਅਧਿਕਾਰਾਂ ਦੀ ਰੱਖਿਆ ਲਈ ਸਰਵਉੱਚ ਕੁਰਬਾਨੀ ਦਿੱਤੀ ਤਾਂ ਜੋ ਦੁਨੀਆ ਲਈ ਮਿਸਾਲ ਕਾਇਮ ਕੀਤੀ ਜਾ ਸਕੇ। ਉਨ੍ਹਾਂ ਨੇ ਲੋਕਾਂ ਨੂੰ ਗੁਰੂ ਸਾਹਿਬ ਦੁਆਰਾ ਪ੍ਰਚਾਰੇ ਗਏ ਧਰਮ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਗੁਰੂ ਤੇਗ. ਬਹਾਦਰ ਜੀ ਨੇ ਮਨੁੱਖੀ ਅਧਿਕਾਰਾਂ ਅਤੇ ਧਾਰਮਿਕ ਆਜ਼ਾਦੀ ਦੀ ਰੱਖਿਆ ਲਈ ਦਿੱਲੀ ਵਿੱਚ ਆਪਣਾ ਜੀਵਨ ਕੁਰਬਾਨ ਕਰ ਦਿੱਤਾ, ਜੋ ਵਿਸ਼ਵ ਇਤਿਹਾਸ ਵਿੱਚ ਬੇਮਿਸਾਲ ਕੁਰਬਾਨੀ ਹੈ। ਮੰਤਰੀਆਂ ਨੇ ਕਿਹਾ ਕਿ ਨੌਂਵੇਂ ਸਿੱਖ ਗੁਰੂ ਧਰਮ ਨਿਰਪੱਖਤਾ, ਏਕਤਾ ਅਤੇ ਵਿਸ਼ਵ-ਵਿਆਪੀ ਭਾਈਚਾਰੇ ਦੇ ਸੱਚੇ ਪ੍ਰਤੀਕ ਸਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦਾ ਜੀਵਨ ਅਤੇ ਫ਼ਲਸਫ਼ਾ ਸਾਰੀ ਮਨੁੱਖਤਾ ਲਈ ਚਾਨਣ ਮੁਨਾਰੇ ਵਜੋਂ ਕੰਮ ਕਰਦੇ ਰਹਿਣਗੇ। ਉਨ੍ਹਾਂ ਕਿਹਾ ਕਿ ਅੱਜ ਤੋਂ ਸ਼ੁਰੂ ਹੋਣ ਵਾਲੇ ਸਮਾਗਮਾਂ ਦੀ ਲੜੀ 25 ਨਵੰਬਰ ਨੂੰ ਸ੍ਰੀ ਆਨੰਦਪੁਰ ਸਾਹਿਬ ਵਿਖੇ ਸਮਾਪਤ ਹੋਵੇਗੀ।

## ਵਿਸ਼ਵ ਭਾਈ ਮਰਦਾਨਾ ਸੋਸਾਇਟੀ ਨੇ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹਾਂ ਲਈ ਦਰਖਾਸਤਾਂ 1 ਜਨਵਰੀ ਤੱਕ ਮੰਗੀਆਂ



ਫ਼ਿਰੋਜ਼ਪੁਰ, 25 ਅਕਤੂਬਰ (ਮਨੋਹਰ ਲਾਲ) :— ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੋਸਾਇਟੀ ਵਲੋ ਹਰ ਸਾਲ ਕੀਤੇ ਜਾਂਦੇ ਲੋੜਵੰਦ ਲੜਕੀਆਂ ਦੇ ਸਮੂਹਿਕ ਵਿਆਹਾਂ ਲਈ ਦਰਖਾਸਤਾਂ ਇਕ ਜਨਵਰੀ ਤੱਕ ਮੰਗੀਆਂ ਗਈਆ। ਅੱਜ ਗੁਰੂਦੁਆਰਾ ਭਾਈ ਮਰਦਾਨਾ ਜੀ ਹਾਲ ਵਿਖੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਸਬੰਧੀ ਸਹਿਜ ਪਾਠ ਆਰੰਭ ਕੀਤੇ ਅਤੇ ਇਹ ਦਸਦੇ ਹੋਏ ਸੋਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਆਖਿਆ ਕਿ ਭਾਈ ਮਰਦਾਨਾ ਸੋਸਾਇਟੀ 1993 ਤੋਂ ਕੀਰਤਨ ਦਰਬਾਰ ਅਤੇ ਲੋੜਵੰਦ ਲੜਕੀਆਂ ਦੇ ਸਮੂਹਿਕ ਵਿਆਹ ਕਰਦੀ ਆ ਰਹੀ ਹੈ। ਉਨ੍ਹਾਂ ਕਿਹਾ ਕਿ ਅਗਲੇ ਸਾਲ ਫਰਵਰੀ ਵਿਚ ਹੋਣ ਵਾਲੇ ਕੀਰਤਨ ਦਰਬਾਰ ਵਿਚ ਵਿਆਹਾਂ ਲਈ ਦਰਖਾਸਤਾ ਇਕ ਜਨਵਰੀ ਤੱਕ ਮੰਗੀਆ ਹਨ, ਜਿਸ ਵਿਚ ਲੜਕੀ ਦਾ ਅਧਾਰ ਕਾਰਡ, ਲੜਕੇ ਦਾ ਅਧਾਰ ਕਾਰਡ 2 ਫੋਟੋਆਂ, ਲੜਕੀ ਦੇ ਵਰਿਸਾਂ ਵਲੋਂ ਹਲਫੀਆਂ ਬਿਆਨ ਲਾਕੇ ਫਾਇਲ ਭਾਈ ਮਰਦਾਨਾ ਸੋਸਾਇਟੀ ਦੇ ਦਫਤਰ ਜਮਾ ਕਰਵਾ ਸਕਦੇ ਹਨ। ਗੱਲਬਾਤ ਕਰਦਿਆਂ ਭੁੱਲਰ ਨੇ ਆਖਿਆ ਕਿ ਦਰਿਆਵਾਂ ਦੇ ਨਾਲ ਲਗਦੇ ਪਿੰਡਾਂ ਦੇ ਪੰਚਾਂ, ਸਰਪੰਚਾਂ, ਸਮਾਜਿਕ ਅਤੇ ਧਾਰਮਿਕ ਸਖਸ਼ੀਤਾਂ ਨੂੰ ਬੇਨਤੀ ਕਰਦੇ ਹਾਂ ਕਿ ਉਹ ਲੋੜਵੰਧ ਪਰਿਵਾਰਾ ਨੂੰ ਸਾਡੇ ਕੋਲ ਭੇਜਣ ਤਾਂ ਜੋ ਕਿਸੇ ਪਰਿਵਾਰ ਦੀ ਮੱਦਦ ਕੀਤੀ ਜਾ ਸਕੇ। ਇਸ ਮੌਕੇ ਹਰਜੀਤ ਸਿੰਘ, ਹਰਜੀਤ ਸਿੰਘ ਧਾਲੀਵਾਲ, ਮਨੋਹਰ ਲਾਲ, ਰਜੇਸ਼ ਕੁਮਾਰ, ਦਰਸ਼ਨ ਲਾਲ ਹੀਰਾ, ਬਲਜਿੰਦਰ ਬੱਬੂ ਹੁਸੇਨੀਵਾਲਾ, ਗੁਰਮੀਤ ਸਿੰਘ ਔਲਖ, ਨਿਰਮਲ ਸਿੰਘ ਮੋਜੂਦ ਸਨ।

### ਚੋਣ ਜਾਬਤੇ ਦੇ ਦਰਮਿਆਨ ਮੁੱਖ ਮੰਤਰੀ ਭਗਵੰਤ ਮਾਨ ਦਾ

# ਲੋਕ-ਲੁਭਾਉਂਦਾ ਐਲਾਨ ਚੋਣ ਜਾਬਤੇ ਦੀ ਉਲੰਘਣਾ : ਸ਼ਮਸ਼ੇਰ ਸਿੰਘ ਪੱਧਰੀ



**ਅੰਮ੍ਰਿਤਸਰ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਅਕਾਲੀ ਦਲ ਵਾਰਿਸ ਪੰਜਾਬ ਦੇ ਅੰਮ੍ਰਿਤਸਰ ਤੋਂ ਕਾਰਜਕਾਰੀ ਕਮੇਟੀ ਮੈਂਬਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਇਕ ਪ੍ਰੈਸ ਨੋਟ ਰਾਹੀਂ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜਾਰੀ ਕੀਤੇ

**ਪਹਿਲੇ ਕੀਤੇ ਵਾਅਦੇ ਅਜੇ ਤੱਕ ਠੰਡੇ ਬਸਤੇ ਵਿੱਚ, ਕਿਥੇ ਹੈ ਔਰਤਾਂ ਦਾ 1000 ਰੁਪੈ ਮਹੀਨਾ ?**

ਨਵੇਂ ਐਲਾਨ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਚੋਣ ਜਾਬਤੇ ਦੇ ਦਰਮਿਆਨ "40 ਲੱਖ ਪਰਿਵਾਰਾਂ ਨੂੰ ਕਣਕ, ਸਰੋਂ ਦਾ ਤੇਲ, ਖੰਡ, ਦਾਲਾਂ ਤੇ ਹਲਦੀ ਦੇਣ" ਦੀ ਗੱਲ ਕਰਨਾ ਪੂਰੀ ਤਰ੍ਹਾਂ ਚੋਣ ਜਾਬਤੇ ਦੀ ਉਲੰਘਣਾ ਹੈ। ਇਹ ਸਿੱਧਾ ਸਿੱਧਾ ਲੋਕਾਂ ਨੂੰ ਲੁਭਾਉਣ ਅਤੇ ਚੋਣੀ ਮਾਹੌਲ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਹੈ। ਉਹਨਾਂ ਕਿਹਾ ਕਿ ਜਦੋਂ ਤਰਨਤਾਰਨ ਹਲਕੇ 'ਚ ਜ਼ਿਮਨੀ ਚੋਣਾਂ ਦਾ ਮਾਹੌਲ ਚਰਮ 'ਤੇ ਹੈ ਅਤੇ ਚੋਣ ਕਮਿਸ਼ਨ ਵੱਲੋਂ ਆਦਰਸ਼ ਚੋਣ ਜ਼ਾਬਤਾ ਲਾਗੂ ਕੀਤਾ ਗਿਆ ਹੈ, ਉਸ ਸਮੇਂ ਸਰਕਾਰ ਵੱਲੋਂ ਅਜਿਹੇ ਲੋਕ-ਲੁਭਾਉਂਦੇ ਐਲਾਨ ਕਰਨਾ ਨਿਰਪੱਖ ਚੋਣ ਪ੍ਰਕਿਰਿਆ ਨਾਲ ਖਿਲਵਾੜ ਹੈ। ਚੋਣ ਕਮਿਸ਼ਨ ਨੂੰ ਇਸਦਾ ਤੁਰੰਤ ਨੋਟਿਸ ਲੈ ਕੇ ਭਗਵੰਤ ਮਾਨ ਸਰਕਾਰ ਖ਼ਿਲਾਫ਼ ਕਾਰਵਾਈ ਕਰਨੀ ਚਾਹੀਦੀ ਹੈ, ਤਾਂ ਜੋ ਲੋਕਤੰਤਰਕ ਦਾ ਅਨੁਸ਼ਾਸਨ ਬਰਕਰਾਰ ਰਹੇ। ਸ਼ਮਸ਼ੇਰ ਸਿੰਘ ਪੱਧਰੀ ਨੇ ਤਿੱਖੇ ਸ਼ਬਦਾਂ ਵਿੱਚ ਕਿਹਾ ਕਿ ਜਿਹੜੀ ਸਰਕਾਰ ਸਾਢੇ ਤਿੰਨ ਸਾਲ ਤੱਕ ਪੰਜਾਬ ਦੇ ਲੋਕਾਂ ਨੂੰ ਮਹਿੰਗਾਈ, ਬੇਰੋਜ਼ਗਾਰੀ, ਨਸ਼ੇ ਅਤੇ ਕਰਜ਼ੇ ਨਾਲ ਲੜਦਾ ਛੱਡ ਕੇ ਬੈਠੀ ਰਹੀ, ਉਹ ਹੁਣ ਚੋਣਾਂ ਦੇ ਦਰਮਿਆਨ ਅਚਾਨਕ ਰਾਸ਼ਨ ਵੰਡਣ ਦੀਆਂ ਯੋਜਨਾਵਾਂ ਦਾ ਐਲਾਨ ਕਰ ਰਹੀ ਹੈ। ਇਹ ਸਿਰਫ਼ ਸਿਆਸੀ ਨਾਟਕ ਹੈ, ਜੋ ਪੰਜਾਬ ਦੇ ਲੋਕਾਂ ਨੂੰ ਧੋਖੇ ਵਿੱਚ ਰੱਖਣ ਲਈ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਜਦੋਂ ਸਰਕਾਰ ਬਣੀ ਸੀ, ਤਾਂ ਮਹਿਲਾਵਾਂ ਨੂੰ ਹਰ ਮਹੀਨੇ ?1000 ਦੇਣ ਦਾ ਵਾਅਦਾ ਕੀਤਾ ਗਿਆ ਸੀ, ਪਰ ਉਹ ਵਾਅਦਾ ਅਜੇ ਵੀ ਠੰਡੇ ਬਸਤੇ 'ਚ ਪਿਆ ਹੈ। ਤਿੰਨ ਸਾਲਾਂ ਵਿੱਚ ਉਸ 'ਤੇ ਕੋਈ ਕਦਮ ਨਹੀਂ ਚੁੱਕਿਆ ਗਿਆ, ਤੇ ਹੁਣ ਚੋਣਾਂ ਨੇੜੇ ਆਉਣ 'ਤੇ ਲੋਕਾਂ ਨੂੰ ਰਾਸ਼ਨ ਦੇਣ ਦੀ ਗੱਲ ਕਰਨਾ ਸਿਰਫ਼ ਵੋਟਾਂ ਲਈ ਸਿਆਸੀ ਦਿਖਾਵਾ ਹੈ। ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਪੰਜਾਬ ਦੀ ਜਨਤਾ ਹੁਣ ਜਾਗਰੂਕ ਹੈ ਅਤੇ ਉਹ ਆਮ ਪਾਰਟੀ ਦੇ ਚੋਣੀ ਜਾਦੂ-ਮੰਤਰਾਂ ਵਿੱਚ ਨਹੀਂ ਆਵੇਗੀ। ਲੋਕ ਜਾਣਦੇ ਹਨ ਕਿ ਅਸਲੀ ਵਿਕਾਸ ਵਾਅਦਿਆਂ ਨਾਲ ਨਹੀਂ, ਇਰਾਦਿਆਂ ਨਾਲ ਹੁੰਦਾ ਹੈ। ਉਹਨਾਂ ਅੰਤ ਵਿੱਚ ਚੋਣ ਕਮਿਸ਼ਨ ਨੂੰ ਅਪੀਲ ਕੀਤੀ ਕਿ ਭਗਵੰਤ ਮਾਨ ਸਰਕਾਰ ਦੇ ਇਸ ਬਿਆਨ ਦਾ ਨੋਟਿਸ ਲਿਆ ਜਾਵੇ ਅਤੇ ਨਿਰਪੱਖ ਚੋਣਾਂ ਨੂੰ ਯਕੀਨੀ ਬਣਾਇਆ ਜਾਵੇ।

# ਵੀਅਤਨਾਮ ਵਿੱਚ ਹੋਈਆਂ ਏਸ਼ੀਅਨ ਰੋਇੰਗ ਚੈਂਪੀਅਨਸ਼ਿਪ ਦੀ ਵਿਜੇਤਾ ਦਿਲਜੋਤ ਕੌਰ ਖਾਲਸਾ ਕਾਲਜ ਸਰਹਾਲੀ ਦੀ ਪ੍ਰਬੰਧਕੀ ਕਮੇਟੀ ਅਤੇ ਸਟਾਫ਼ ਵੱਲੋਂ ਸਨਮਾਨਿਤ







**ਸਰਹਾਲੀ ਕਲਾ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਵਿਅਤਨਾਮ ਵਿੱਚ 13 ਅਕਤੂਬਰ ਤੋਂ 19 ਅਕਤੂਬਰ 2025 ਵਿੱਚ ਕਰਵਾਈਆਂ ਗਈਆਂ ਏਸ਼ੀਅਨ ਰੋਇੰਗ ਚੈਂਪੀਅਨਸ਼ਿਪ (ਕਿਸ਼ਤੀਆਂ ਦੀਆਂ ਦੌੜਾਂ) ਵਿੱਚ ਦੋ ਖਿਡਾਰੀਆਂ ਦੀ ਰੋਇੰਗ ਰੇਸ ਵਿੱਚ ਸਰਹਾਲੀ ਦੀ ਜੰਮਪਲ ਦਿਲਜੋਤ ਕੌਰ ਅਤੇ ਸਹਿ ਖਿਡਾਰਨ ਗੁਰਬਾਣੀ ਕੌਰ ( ਲੁਧਿਆਣਾ ਨਿਵਾਸੀ) ਨੇ ਦੂਸਰਾ ਸਥਾਨ ਪ੍ਰਾਪਤ ਕੀਤਾ।8 ਖਿਡਾਰੀਆਂ ਦੀ ਰੋਇੰਗ ਰੇਸ ਵਿੱਚ ਤੀਸਰਾ ਸਥਾਨ ਪ੍ਰਾਪਤ ਕੀਤਾ। ਦਿਲਜੋਤ ਕੌਰ ਨੂੰ ਆਪਣੇ ਨਗਰ ਸਰਹਾਲੀ ਪਹੁੰਚਣ ਤੇ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਸਰਹਾਲੀ ਦੀ ਪ੍ਰਬੰਧਕੀ ਕਮੇਟੀ ਦੇ ਆਨਰੇਰੀ ਸਕੱਤਰ ਸ੍ਰ ਹਰਜਿੰਦਰ ਸਿੰਘ ਬਿੱਲਿਆਂਵਾਲਾ, ਕਾਲਜ ਪ੍ਰਿੰਸੀਪਲ ਡਾ. ਜਸਬੀਰ ਸਿੰਘ ਅਤੇ ਕਾਲਜ ਸਟਾਫ ਵੱਲੋਂ ਸਨਮਾਨ ਚਿੰਨ, ਸਿਰੋਪਾਓ ਸਾਹਿਬ ਅਤੇ ਮਾਲੀ ਮਦਦ ਨਾਲ ਸਨਮਾਨਿਤ ਕੀਤਾ ਗਿਆ। ਕਾਲਜ ਪ੍ਰਬੰਧਕੀ ਕਮੇਟੀ ਦੇ ਸਰਪ੍ਰਸਤ ਅਤੇ ਸੰਤ ਬਾਬਾ ਤਾਰਾ ਸਿੰਘ ਜੀ ਕਾਰ ਸੇਵਾ ਸਰਹਾਲੀ ਸਾਹਿਬ ਦੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਵੱਲੋਂ ਦਿਲਜੋਤ ਕੌਰ ਨੂੰ ਉਸ ਦੀ ਇਸ ਜਿੱਤ ਤੇ ਸ਼ੁਭ ਇੱਛਾਵਾਂ ਦਿੱਤੀਆਂ ਗਈਆਂ। ਇਸ ਮੌਕੇ ਤੇ ਦਿਲਜੋਤ ਕੌਰ ਦੇ ਪਿਤਾ ਸ੍ਰ ਗੁਰਜੀਤ ਸਿੰਘ, ਮਾਤਾ ਪਲਵਿੰਦਰ ਕੌਰ, ਸੰਤ ਬਾਬਾ ਤਾਰਾ ਸਿੰਘ ਜੀ ਸਪੋਰਟਸ ਅਕੈਡਮੀ ਦੇ ਇੰਚਾਰਜ ਸ੍ਰ ਬਲਜਿੰਦਰ ਸਿੰਘ ਫੀਲੋ, ਕੋਚ ਸ੍ਰ ਗੁਰਲਾਲ ਸਿੰਘ ਪਿੰਡ ਦੇ ਪਤਵੰਤੇ ਸ਼ਿਵਜੋਤ ਸਿੰਘ ਅਤੇ ਸਾਹਿਬ ਸਿੰਘ ਤੋਂ ਇਲਾਵਾ ਕਾਲਜ ਦਾ ਸਮੂਹ ਸਟਾਫ ਹਾਜ਼ਰ ਸੀ।

### ਸਤਲੁਜ ਪਬਲਿਕ ਸੀਨੀਅਰ ਸੈਕੇਂਡਰੀ ਸਕੂਲ ਠੱਕਰਪੁਰਾ ਵਿਖੇ ਪ੍ਰਤੀਯੋਗਤਾ ਦਾ ਆਯੋਜਨ

# ਵਿਦਿਆਰਥੀ ਆਪਣੇ ਸਕੇ ਸਬੰਧੀਆਂ ਨੂੰ ਵੀ ਪਰਾਲੀ ਸਾੜਨ ਤੋਂ ਹੁੰਦੇ ਨੁਕਸਾਨ ਬਾਰੇ ਜਾਣੂ ਕਰਾਉਣ: ਪ੍ਰੀਤਇੰਦਰ ਸਿੰਘ




**ਪੱਟੀ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਰਾਹੁਲ ਆਈਏਐਸ ਦੇ ਦਿਸ਼ਾ ਨਿਰਦੇਸ਼ ਅਤੇ ਮੁੱਖ ਖੇਤੀਬਾੜੀ ਅਫਸਰ ਤਰਨ ਤਾਰਨ ਡਾ ਤੇਜਬੀਰ ਸਿੰਘ ਦੀ ਦੇਖ ਰੇਖ ਹੇਠ ਬਲਾਕ ਖੇਤੀਬਾੜੀ ਅਫਸਰ ਪੱਟੀ ਡਾ ਭੁਪਿੰਦਰ ਸਿੰਘ ਅਤੇ ਡਾ ਪ੍ਰਮਿੰਦਰ ਕੌਰ ਏਡੀਓ ਨੇ ਸੂਚਨਾ, ਸਿੱਖਿਆ ਅਤੇ ਸੰਚਾਰ ਪ੍ਰੋਗਰਾਮ ਤਹਿਤ ਸਤਲੁਜ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਠੱਕਰਪੁਰਾ ਵਿਖੇ ਵਰਤਮਾਨ ਸਮੇਂ ਦੇ ਭੱਖਦੇ ਮਸਲੇ ਪਰਾਲੀ ਪ੍ਰਦੂਸ਼ਣ ਦੀ ਸਮੱਸਿਆ ਅਤੇ ਸੁਚੱਜੇ ਸਾਂਭ ਸੰਭਾਲ ਸਬੰਧੀ ਵਿਦਿਆਰਥੀਆਂ ਦੀ ਪ੍ਰਤੀਯੋਗਤਾ ਕਰਾਈ ।ਇਸ ਮੌਕੇ ਮੁੱਖ ਮਹਿਮਾਨ ਪ੍ਰੀਤਇੰਦਰ ਸਿੰਘ ਬਾਠ, ਐਸਡੀਐਮ ਪੱਟੀ ਨੇ ਵਿਦਿਆਰਥੀਆਂ ਨੂੰ ਮੁਖਾਤਿਬ ਹੁੰਦਿਆਂ ਕਿਹਾ ਕਿ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਾਤਾਵਰਨ ਦੀ ਮਹੱਤਤਾ ਅਤੇ ਇਸਦੀ ਸਾਂਭ ਸੰਭਾਲ ਸਬੰਧੀ ਲਾਮਬੰਦ ਕਰਨਾ ਹੈ। ਉਹਨਾਂ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਕਿ ਅਗਜ਼ਨੀ ਦੀਆਂ ਘਟਨਾਵਾਂ ਦੀ ਸੈਟੇਲਾਈਟ ਨਾਲ ਨਜ਼ਰਸਾਨੀ ਕੀਤੀ ਜਾਂਦੀ ਹੈ।ਪਰਾਲੀ ਸਾੜਨ ਸਬੰਧੀ ਉਲੰਘਣਾ ਪਾਏ ਜਾਣ ਤੇ ਸੁਪਰੀਮ ਕੋਰਟ ਦੇ ਆਦੇਸ਼ਾਂ ਮੁਤਾਬਿਕ ਵਾਤਾਵਰਨ ਜੁਰਮਾਨਾ, ਮਾਲ ਰਿਕਾਰਡ ਵਿੱਚ ਰੈਡ ਐਂਟਰੀ ਦੀ ਵਿਵਸਥਾ ਹੈ।ਇਸ ਸਬੰਧੀ ਸਮੁੱਚੀ ਪ੍ਰਕਿਰਿਆ ਨੂੰ ਨੇਪਰੇ ਚੜਨ ਲਈ ਹਰ ਪਿੰਡ ਵਿੱਚ ਨੋਡਲ ਅਫਸਰ ਅਤੇ ਕਲਸਟਰ ਅਫਸਰ ਬਿਨਾਂ ਨਾਗਾ ਕੰਮ ਕਰ ਰਹੇ ਹਨ। ਉਹਨਾਂ ਕਿਹਾ ਕਿ ਇਹ ਨੀਂਹ ਮਜਬੂਤ ਹੋ ਸਕਦੀ ਹੈ ਜੇਕਰ ਵਿਦਿਆਰਥੀ ਆਪਣੀ ਸਕੂਲੀ ਪੜ੍ਹਾਈ ਦੇ ਨਾਲ ਨਾਲ ਆਪਣੇ ਆਲੇ ਦੁਆਲੇ ਦੀਆਂ ਚੰਗੀਆਂ ਮਾੜੀਆਂ ਗੱਲਾਂ ਦੀ ਪਹਿਚਾਣ ਕਰਕੇ ਪ੍ਰਾਪਤ ਗਿਆਨ ਨਾਲ ਲੁੜੀਂਦਾ ਸੁਧਾਰ ਕਰਨ ਲਈ ਨਿਰੰਤਰ ਕੋਸ਼ਿਸ਼ ਕਰਨ। ਇਸ ਮੌਕੇ ਪ੍ਰਮਿੰਦਰ ਕੌਰ ਏਡੀਓ ਨੇ ਕਿਹਾ ਕਿ ਹੈਪੀਸੀਡਰ, ਸੁਪਰ ਸੀਡਰ ਅਤੇ ਸਰਫੇਸ ਸੀਡਰ ਤਕਨੀਕ ਨਾਲ ਪਰਾਲੀ ਵਿੱਚ ਕਣਕ ਦੀ ਸਿੱਧੀ ਬਿਜਾਈ ਕਰਕੇ ਹੋਣ ਵਾਲੇ ਨੁਕਸਾਨ ਤੋਂ ਬਚਾਅ ਕੀਤਾ ਜਾ ਸਕਦਾ ਹੈ। ਉਨਾਂ ਪਰਾਲੀ ਪ੍ਰਬੰਧਨ ਲਈ ਉੱਨਤ ਕਿਸਾਨ ਐਪ ਦੀ ਵਰਤੋਂ ਕਰਨ ਬਾਰੇ ਜਾਗਰੂਕ ਕੀਤਾ ।ਇਸ ਮੌਕੇ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਵੱਲੋਂ ਭਾਸ਼ਣ, ਕਵਿਤਾ , ਨੁਕੜ ਨਾਟਕ, ਵਰਕਿੰਗ ਮਾਡਲ ਆਦਿ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ। ਵਧੀਆ ਪੇਸ਼ਕਾਰੀ ਅਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ।ਇਸ ਦੌਰਾਨ ਸਕੂਲ ਦੇ ਮੈਨੇਜਿੰਗ ਡਾਇਰੈਕਟਰ, ਹਰਬੀਰ ਸਿੰਘ ਗਿੱਲ ਅਤੇ ਪ੍ਰਿੰਸੀਪਲ ਰਾਜਬੀਰ ਕੌਰ ਨੇ ਮੁੱਖ ਮਹਿਮਾਨ ਅਤੇ ਆਈ ਹੋਈ ਸਮੁੱਚੀ ਟੀਮ ਦਾ ਧੰਨਵਾਦ ਕੀਤਾ। ਇਸ ਦੌਰਾਨ ਦਲਬੀਰ ਕੌਰ, ਯਾਦਵਿੰਦਰ ਸਿੰਘ, ਅਭਿਮੋਹਨ, ਰਾਜਬੀਰ ਸਿੰਘ, ਰਾਧਿਕਾ, ਸੰਦੀਪ ਕੌਰ, ਪਰਮਿੰਦਰ ਕੌਰ, ਨਿਸ਼ਾਨ ਸਿੰਘ ਖੇਤੀ ਉਪ ਨਿਰੀਖਕ ,ਗੁਰਲਾਲ ਸਿੰਘ ਫੀਲਡ ਵਰਕਰ, ਗੁਰਦੇਵ ਸਿੰਘ ਮਾਣਕਪੁਰਾ ਨੇ ਸਹਿਯੋਗ ਅਤੇ ਜਾਣਕਾਰੀ ਸਾਂਝੀ ਕੀਤੀ।

# ਸ਼ਹੀਦ ਭਾਈ ਬਿਅੰਤ ਸਿੰਘ ਮਲੋਆ, ਸ਼ਹੀਦ ਭਾਈ ਬਲਜਿੰਦਰ ਸਿੰਘ ਰਾਜੂ, ਸ਼ਹੀਦ ਭਾਈ ਬਲਬੀਰ ਸਿੰਘ ਕੋਲੋਵਾਲ ਤੇ ਸ਼ਹੀਦ ਭਾਈ ਮੇਜਰ ਸਿੰਘ ਦੇ ਸਮਾਗਮਾਂ 'ਚ ਪੁੱਜਣ ਸੰਗਤਾਂ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ




**ਅੰਮ੍ਰਿਤਸਰ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਸ਼ਹੀਦਾਂ ਦੀ ਯਾਦ ਵਿੱਚ ਹੋ ਰਹੇ ਸਮਾਗਮਾਂ ਵਿੱਚ ਸੰਗਤਾਂ ਨੂੰ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਹੈ। ਉਹਨਾਂ ਕਿਹਾ ਕਿ 26 ਅਕਤੂਬਰ ਨੂੰ ਸ਼ਹੀਦ ਭਾਈ ਬਲਜਿੰਦਰ ਸਿੰਘ ਰਾਜੂ ਦੀ ਯਾਦ ਵਿੱਚ ਪਿੰਡ ਰਤਨਗੜ੍ਹ, ਜ਼ਿਲਾ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ਼ਹੀਦੀ ਸਮਾਗਮ ਹੋਵੇਗਾ। ਸ਼ਹੀਦ ਭਾਈ ਬਲਜਿੰਦਰ ਸਿੰਘ ਰਾਜੂ ਜੋ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਸ਼ਹੀਦ ਭਾਈ ਸੁਖਦੇਵ ਸਿੰਘ ਸੁੱਖਾ ਦੇ ਨੇੜਲੇ ਸਾਥੀ ਸਨ ਅਤੇ ਇਹਨਾਂ ਜੁਝਾਰੂਆਂ ਦੀ ਟੀਮ ਨੇ ਕਈ ਵੱਡੇ ਐਕਸ਼ਨ ਕੀਤੇ ਸਨ। ਸ਼ਹੀਦ ਭਾਈ ਬਲਜਿੰਦਰ ਸਿੰਘ ਰਾਜੂ ਜੋ ਅਣਗੌਲਿਆ ਜਰਨੈਲ ਹੈ ਪਰ ਉਸ ਦੀ ਦੇਣ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ ਹੈ। ਉਹਨਾਂ ਦੱਸਿਆ ਕਿ ਇਸੇ ਤਰ੍ਹਾਂ 27 ਅਕਤੂਬਰ ਨੂੰ ਸ਼ਹੀਦ ਭਾਈ ਬਲਵੀਰ ਸਿੰਘ ਕੋਲੋਵਾਲ ਅਤੇ ਸ਼ਹੀਦ ਭਾਈ ਮੇਜਰ ਸਿੰਘ ਕੋਲੋਵਾਲ ਦੀ ਯਾਦ ਵਿੱਚ ਵੀ ਪਿੰਡ ਕੋਲੋਵਾਲ, ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਵਿਖੇ ਸਮਾਗਮ ਹੋਵੇਗਾ ਤੇ ਇਸ ਪਿੰਡ ਦੇ ਸਿੰਘਾਂ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਸਮੱਗਰੀ ਵੀ ਪਹੁੰਚਾਈ ਗਈ ਹੈ। ਇਸ ਇਲਾਕੇ ਦੇ ਕਾਫੀ ਸਿੰਘ ਖ਼ਾਲਿਸਤਾਨੀ ਸੰਘਰਸ਼ ਵਿੱਚ ਜੂਝ ਕੇ ਸ਼ਹੀਦ ਹੋਏ ਹਨ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਭਾਰਤ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੂੰ ਸੋਧ ਕੇ ਭਾਈ ਸਤਵੰਤ ਸਿੰਘ, ਭਾਈ ਬੇਅੰਤ ਸਿੰਘ ਅਤੇ ਭਾਈ ਕੇਹਰ ਸਿੰਘ ਨੇ ਖਾਲਸਾਈ ਇਨਸਾਫ ਅਤੇ ਸਿੱਖ ਕੌਮ ਦਾ ਸਿਰ ਉੱਚਾ ਕੀਤਾ ਸੀ। ਇਹਨਾਂ ਯੋਧਿਆਂ ਦੀ ਯਾਦ ਵਿੱਚ ਵੀ 31 ਅਕਤੂਬਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਅਤੇ ਪਿੰਡ ਮਲੋਆ ਵਿਖੇ ਸ਼ਹੀਦੀ ਸਮਾਗਮ ਹੋਣਗੇ। ਆਪਣਾ ਪੰਥਕ ਫਰਜ ਸਮਝ ਕੇ ਅਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਣ ਕਰਨ ਲਈ ਸੰਗਤਾਂ ਇਹਨਾਂ ਸਮਾਗਮਾਂ ਵਿੱਚ ਹਾਜ਼ਰੀ ਜ਼ਰੂਰ ਭਰਨ। ਉਹਨਾਂ ਕਿਹਾ ਕਿ ਕੌਮੀ ਸ਼ਹੀਦਾਂ ਦੇ ਸਮਾਗਮਾਂ ਵਿੱਚ ਜੁੜਨ ਦਾ ਭਾਵ ਹੈ ਕਿ ਅਸੀਂ ਉਹਨਾਂ ਦੀ ਸੋਚ, ਸੰਘਰਸ਼, ਸੇਵਾ ਅਤੇ ਨਿਸ਼ਾਨੇ ਨੂੰ ਸਮਰਪਿਤ ਹਾਂ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਸਾਡੇ ਸ਼ਹੀਦਾਂ ਦਾ ਡੁੱਲਿਆ ਖ਼ੂਨ ਅਜਾਈਂ ਨਹੀਂ ਜਾਏਗਾ, ਕੌਮੀ ਘਰ ਖ਼ਾਲਿਸਤਾਨ ਦੁਨੀਆਂ ਦੇ ਨਕਸ਼ੇ ਉੱਤੇ ਜਲਦ ਹੋਂਦ ਵਿੱਚ ਆਏਗਾ।

# ਬੰਗਲੁਰੂ ਵਿੱਚ 7 ਨਵੰਬਰ ਤੋਂ ਸ਼ੁਰੂ ਹੋਣਗੀਆਂ ਦੂਜੀਆਂ ਰਾਸ਼ਟਰੀ ਪਾਈਥੀਅਨ ਖੇਡਾਂ — ਗੱਤਕਾ ਮੁਕਾਬਲੇ ਬਣਨਗੇ ਮੁੱਖ ਆਕਰਸ਼ਣ

### ਫੈਡਰੇਸ਼ਨ ਗੱਤਕਾ ਕੱਪ ਦੀ ਹੋਵੇਗੀ ਮੇਜ਼ਬਾਨੀ, ਸੋਨ ਤਗਮਾ ਜੇਤੂ ਮਾਸਕੋ ਵਿਖੇ ਲੈਣਗੇ ਭਾਗ

**ਚੰਡੀਗੜ੍ਹ, 25 ਅਕਤੂਬਰ (ਆਵਾਜ਼ ਕੌਮ ਬਿਊਰੋ)**-ਭਾਰਤ ਦੇ ਪ੍ਰਾਚੀਨ ਮਾਰਸ਼ਲ ਆਰਟ ਗੱਤਕਾ ਨੂੰ ਇਕ ਨਵਾਂ ਅੰਤਰਰਾਸ਼ਟਰੀ ਮੰਚ ਮਿਲਣ ਜਾ ਰਿਹਾ ਹੈ। ਬੰਗਲੁਰੂ ਵਿਖੇ 7 ਤੋਂ 9 ਨਵੰਬਰ ਤੱਕ ਹੋਣ ਵਾਲੀਆਂ ਦੂਜੀਆਂ ਰਾਸ਼ਟਰੀ ਸੱਭਿਆਚਾਰਕ ਪਾਈਥੀਅਨ ਖੇਡਾਂ ਵਿੱਚ ਗੱਤਕੇ ਦੇ ਕੌਮੀ ਮੁਕਾਬਲੇ ਖਾਸ ਕੇਂਦਰ ਬਣਨਗੇ। ਇਸ ਮੌਕੇ ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ (ਐਨਜੀਏਆਈ) ਵੱਲੋਂ ਦੂਜੇ ਫੈਡਰੇਸ਼ਨ ਗੱਤਕਾ ਕੱਪ ਦੀ ਮੇਜ਼ਬਾਨੀ ਕੀਤੀ ਜਾਵੇਗੀ। ਇਹ ਸਮਾਗਮ ਪਾਈਥੀਅਨ ਕੌਂਸਲ ਆਫ ਇੰਡੀਆ (ਪੀਸੀਆਈ) ਨਾਲ ਮਿਲ ਕੇ ਕਰਵਾਇਆ ਜਾ ਰਿਹਾ ਹੈ। ਪੀਸੀਆਈ ਦੇ ਚੇਅਰਮੈਨ ਬਿਜੇਂਦਰ ਗੋਇਲ ਅਤੇ ਪ੍ਰਧਾਨ ਸ਼ਾਂਤਨੂ ਅਗ੍ਰਹਰੀ ਨੇ ਕਿਹਾ ਕਿ ਪਾਈਥੀਅਨ ਖੇਡਾਂ ਸਵਦੇਸ਼ੀ ਖੇਡਾਂ ਅਤੇ ਸੱਭਿਆਚਾਰਕ ਪਰੰਪਰਾਵਾਂ ਨੂੰ ਵਿਸ਼ਵ ਪੱਧਰ 'ਤੇ ਉਭਾਰਨ ਲਈ ਇਕ ਇਤਿਹਾਸਕ ਕਦਮ ਹਨ। ਉਨ੍ਹਾਂ ਦੱਸਿਆ ਕਿ ਪੀਸੀਆਈ ਖਿਡਾਰੀਆਂ ਨੂੰ ਪੂਰੀ ਸਹੂਲਤਾਂ — ਰਿਹਾਇਸ਼, ਭੋਜਨ ਅਤੇ ਟੂਰਨਾਮੈਂਟ ਕਿੱਟਾਂ — ਮੁਹੱਈਆ ਕਰਵਾਏਗੀ। ਐਨਜੀਏਆਈ ਦੇ ਪ੍ਰਧਾਨ ਹਰਜੀਤ ਸਿੰਘ ਗਰੇਵਾਲ ਨੇ ਐਲਾਨ ਕੀਤਾ ਕਿ ਇਸ ਸਮਾਗਮ ਦੌਰਾਨ ਰਾਸ਼ਟਰੀ ਗੱਤਕਾ ਟੀਮ ਦੀ ਚੋਣ ਕੀਤੀ ਜਾਵੇਗੀ ਜੋ ਅਗਲੇ ਸਾਲ ਮਾਸਕੋ ਵਿਖੇ ਹੋਣ ਵਾਲੀਆਂ ਪਹਿਲੀਆਂ ਅੰਤਰਰਾਸ਼ਟਰੀ ਪਾਈਥੀਅਨ ਖੇਡਾਂ ਵਿੱਚ ਭਾਰਤ ਦੀ ਨੁਮਾਇੰਦਗੀ ਕਰੇਗੀ। ਉਨ੍ਹਾਂ ਕਿਹਾ ਕਿ ਸਾਰੇ ਸੋਨ ਤਗਮਾ ਜੇਤੂ ਖਿਡਾਰੀਆਂ ਨੂੰ ਸਿੱਧੀ ਚੋਣ ਦੇ ਅਧਾਰ 'ਤੇ ਭਾਰਤੀ ਟੀਮ ਵਿੱਚ ਸ਼ਾਮਲ ਕੀਤਾ ਜਾਵੇਗਾ। ਗਰੇਵਾਲ ਨੇ ਦੱਸਿਆ ਕਿ ਦਸ ਰਾਜਾਂ ਦੇ 19 ਸਾਲ ਤੋਂ ਘੱਟ ਉਮਰ ਦੇ ਖਿਡਾਰੀ ਵਿਅਕਤੀਗਤ ਤੇ ਟੀਮ ਮੁਕਾਬਲਿਆਂ ਵਿੱਚ "ਗੱਤਕਾ-ਸੋਟੀ" ਤੇ "ਫੱਰੀ-ਸੋਟੀ" ਸ਼੍ਰੇਣੀਆਂ ਵਿੱਚ ਆਪਣੇ ਜੌਹਰ ਦਿਖਾਉਣਗੇ। ਇਹ ਖੇਡ ਪ੍ਰਦਰਸ਼ਨ ਸਿਰਫ਼ ਤਗਮਿਆਂ ਤੱਕ ਸੀਮਤ ਨਹੀਂ ਹੋਵੇਗਾ ਸਗੋਂ ਦੋਹਰੇ ਸਰਟੀਫਿਕੇਟਾਂ ਨਾਲ ਖਿਡਾਰੀਆਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ। ਐਨਜੀਏਆਈ ਦੇ ਕਾਰਜਕਾਰੀ ਪ੍ਰਧਾਨ ਸੁਖਚੈਨ ਸਿੰਘ ਨੇ ਕਿਹਾ ਕਿ ਇਹ ਟੂਰਨਾਮੈਂਟ ਗੱਤਕੇ ਦੀ ਤਰੱਕੀ ਵਿੱਚ ਇਕ ਨਵਾਂ ਅਧਿਆਇ ਲਿਖੇਗਾ — ਜਿੱਥੇ ਪ੍ਰਾਚੀਨ ਮਾਰਸ਼ਲ ਕਲਾ ਇੱਕ ਮਾਨਤਾ ਪ੍ਰਾਪਤ ਅੰਤਰਰਾਸ਼ਟਰੀ ਖੇਡ ਵਜੋਂ ਉਭਰੇਗੀ। ਉਨ੍ਹਾਂ ਕਿਹਾ ਕਿ 2004 ਵਿੱਚ ਸਥਾਪਨਾ ਤੋਂ ਬਾਅਦ ਐਨਜੀਏਆਈ ਨੇ ਗੱਤਕੇ ਦੇ ਆਧੁਨਿਕੀਕਰਨ ਅਤੇ ਵਿਸ਼ਵ ਪੱਧਰੀ ਪ੍ਰਚਾਰ ਲਈ ਲਗਾਤਾਰ ਯਤਨ ਕੀਤੇ ਹਨ। ਹੁਣ ਵਿਸ਼ਵ ਗੱਤਕਾ ਫੈਡਰੇਸ਼ਨ ਤੇ ਪਾਈਥੀਅਨ ਖੇਡਾਂ ਦੀ ਭਾਈਵਾਲੀ ਨਾਲ ਇਹ ਯਤਨ ਇਕ ਵਿਸ਼ਾਲ ਗਲੋਬਲ ਰੂਪ ਲੈ ਰਿਹਾ ਹੈ। ਅੰਤ ਵਿੱਚ ਗਰੇਵਾਲ ਨੇ ਕਿਹਾ, "ਇਹ ਸਿਰਫ਼ ਟੂਰਨਾਮੈਂਟ ਨਹੀਂ, ਸਗੋਂ ਗੱਤਕੇ ਦੀ ਵਿਸ਼ਵ ਯਾਤਰਾ ਦੀ ਸ਼ੁਰੂਆਤ ਹੈ — ਜਿੱਥੇ ਸਾਡੇ ਖਿਡਾਰੀ ਇਤਿਹਾਸਕ ਕਲਾ ਨੂੰ ਵਿਸ਼ਵ ਮੰਚ 'ਤੇ ਮਹਿਮਾ ਦਿਵਾਣਗੇ।"

# ਤਰਨਤਾਰਨ ਦੇ ਜੁਝਾਰੂ ਲੋਕ ਭਾਈ ਮਨਦੀਪ ਸਿੰਘ ਦੀ ਵੱਡੀ ਲੀਡ ਨਾਲ ਜਿਤਾ ਕੇ ਵਿਧਾਨ ਸਭਾ ਵਿੱਚ ਭੇਜਣਗੇ : ਪਰਮਜੀਤ ਸਿੰਘ ਪੰਮਾ ਬਾਠ



ਧੂਰੀ ( ਰਣਜੀਤ ਸਿੰਘ ਪੇਧਨੀ ) ਸ੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ, ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਪੰਮਾ ਬਾਠ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਪੰਜਾਬ ਨੂੰ ਬਚਾਉਣ ਦੇ ਲਈ ਹਿੰਦੂ, ਮੁਸਲਮਾਨ, ਸਿੱਖ, ਇਸਾਈ, ਮਜ਼ਦੂਰ ,ਕਿਸਾਨ ਅਤੇ ਪੰਜਾਬ ਪੱਖੀ ਪਾਰਟੀ ਬਾਜੀ ਤੋਂ ਉੱਪਰ ਉੱਠ ਕੇ ਇਕੱਠੇ ਹੋ ਕੇ ਤਰਨ ਤਾਰਨ ਸਾਹਿਬ ਨੂੰ ਸਰਬ ਸਾਂਝੇ ਉਮੀਦਵਾਰ ਭਾਈ ਮਨਦੀਪ ਸਿੰਘ ਖਾਲਸਾ ਨੂੰ ਜਿਤਾ ਕੇ ਵਿਧਾਨ ਸਭਾ ਵਿੱਚ ਭੇਜੀਏ ਤਾਂ ਜੋ ਭਾਈ ਅੰਮ੍ਰਿਤਪਾਲ ਸਿੰਘ ਦੇ ਸਾਥੀ ਅਤੇ ਸਜਾਵਾਂ ਪੂਰੀਆ ਕਰ ਚੁੱਕੇ ਬੰਦੀ ਸਿੰਘ ਜੇਲਾ ਵਿੱਚੋਂ ਰਿਹਾਅ ਹੋ ਕੇ ਪਾਰਟੀ ਅਤੇ ਪੰਜਾਬ ਦੇ ਭਲੇ ਲਈ ਕੰਮ ਕਰ ਸਕਣ। ਉਨ੍ਹਾਂ ਕਿਹਾ ਕਿ ਭਾਈ ਮਨਦੀਪ ਸਿੰਘ, ਜੋ ਕਿ ਭਾਈ ਸੰਦੀਪ ਸਿੰਘ ਸਨੀ ਦੇ ਭਰਾ ਹਨ, ਤਰਨਤਾਰਨ ਹਲਕੇ ਦੀ ਜਿਮਣੀ ਚੋਣ ਵਿੱਚ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨਗੇ, ਕਿਉਂਕਿ ਕਿ ਆਮ ਆਦਮੀ ਪਾਰਟੀ ਨੇ ਲੋਕਾਂ ਨਾਲ ਵੱਡੇ ਵੱਡੇ ਵਾਅਦੇ ਕੀਤੇ ਸਨ। ਪਰ ਉਨ੍ਹਾਂ ਵਿੱਚ ਕੋਈ ਵੀ ਪੂਰਾ ਨਹੀਂ ਕੀਤਾ ਗਿਆ। ਇਸ ਕਾਰਨ ਲੋਕ ਹੁਣ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਹਨ। ਲੋਕ ਆਪ ਮੁਹਾਰੇ ਹੋ ਕੇ ਭਾਈ ਮਨਦੀਪ ਸਿੰਘ ਦਾ ਸਵਾਗਤ ਕਰ ਰਹੇ ਹਨ ਅਤੇ ਉਹਨਾਂ ਵਿੱਚ ਨਵੀਂ ਉਮੀਦ ਜਾਗ ਉੱਠੀ ਹੈ। ਕਿ ਤਰਨਤਾਰਨਜਿਮਨੀ ਚੋਣ ਜਿੱਤਣ ਤੋਂ ਬਾਅਦ ਮਨਦੀਪ ਸਿੰਘ ਬੇਅਦਬੀ ਦੇ ਮੁੱਦੇ ਨੂੰ ਵਿਧਾਨ ਸਭਾ ਵਿੱਚ ਜੋਰਦਾਰ ਢੰਗ ਨਾਲ ਚੁੱਕਣਗੇ।

# ਕੰਗ ਸਾਹਬੂ NRI's ਵੈਲਫੇਅਰ ਸੁਸਾਇਟੀ

**ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ**

# ਫਰੀ ਮੈਡੀਕਲ ਕੈਂਪ

ਕੰਗ ਸਾਹਬੂ ਵਿਖੇ ਲਗਾਇਆ ਜਾ ਰਿਹਾ ਹੈ।

ਦਿਨ ਐਤਵਾਰ ਮਿਤੀ 2-11-2025 ਸਮਾਂ ਸਵੇਰੇ 9 ਵਜੇ ਤੋਂ ਸ਼ਾਮ 2-30 ਵਜੇ ਤੱਕ

**Heart Check Up (ECG Test)**

ਹੱਡੀਆਂ ਦੇ ਮਾਹਿਰ ਡਾਕਟਰ ਜੋੜਾਂ ਦੇ ਦਰਦਾਂ ਦੀਆਂ ਦਵਾਈਆਂ ਮੁਫਤ ਦਿਤੀਆਂ ਜਾਣਗੀਆਂ।

ਅੱਖਾਂ ਦੇ ਮਾਹਿਰ ਡਾਕਟਰ ਅੱਖਾਂ ਦੀਆਂ ਬਿਮਾਰੀਆਂ ਦਾ ਚੈਕਅਪ ਕਰਨਗੇ ਅਤੇ ਲੋੜਵੰਦਾਂ ਨੂੰ ਦਵਾਈਆਂ ਦਿੱਤੀਆਂ ਜਾਣਗੀਆਂ

ਆਮ ਬਿਮਾਰੀਆਂ ਅਤੇ ਔਰਤਾਂ ਦੇ ਰੋਗਾਂ ਦੇ ਮਾਹਿਰ ਡਾਕਟਰ ਮਰੀਜ਼ਾਂ ਦਾ ਚੈਕਅਪ ਕਰਨਗੇ

**ਸਥਾਨ : ਸਰਕਾਰੀ ਹਾਈ ਸਕੂਲ ਪਿੰਡ ਕੰਗ ਸਾਹਬੂ, ਤਹਿ. ਨਕੋਦਰ (ਜਲੰਧਰ)**

1. ਔਰਤਾਂ ਅਤੇ ਮਰਦਾਂ ਦੇ ਕੈਂਸਰ ਦੀ ਸਰੀਰਕ ਜਾਂਚ ।
2. ਔਰਤਾਂ ਦੇ ਛਾਤੀ ਦੇ ਕੈਂਸਰ ਦੀ ਜਾਂਚ ਲਈ (ਮੈਮੋਗ੍ਰਾਫੀ) ਟੈਸਟ।
3. ਔਰਤਾਂ ਦੇ ਬੱਚੇਦਾਨੀ ਦੇ ਕੈਂਸਰ ਦੀ ਜਾਂਚ ਲਈ (ਪੈਪ ਸਮਿਅਰ) ਟੈਸਟ।
4. ਮਰਦਾਂ ਦੇ ਗਦੂਦਾਂ ਦੇ ਕੈਂਸਰ ਲਈ ਪੀ.ਐਸ.ਏ.ਟੈਸਟ।
5. ਕੈਂਸਰ ਦੇ ਮਰੀਜਾਂ ਨੂੰ ਇਲਾਜ ਲਈ ਸਹੀ ਸਲਾਹ।
6. ਔਰਤਾਂ ਅਤੇ ਮਰਦਾਂ ਦੀ ਸ਼ੂਗਰ ਤੇ ਬਲੱਡ ਪ੍ਰੈਸ਼ਰ ਟੈਸਟ।
7. ਸ਼ੂਗਰ, ਬਲੱਡ ਪ੍ਰੈਸ਼ਰ ਸਬੰਧੀ ਮੁਫਤ ਦਵਾਈਆਂ।
8. ਆਮ ਬਿਮਾਰੀਆਂ ਸਬੰਧੀ ਡਾਕਟਰ ਮਰੀਜਾ ਦਾ ਚੈਕਅਪ ਕਰਨਗੇ ਅਤੇ ਲੋੜਵੰਦਾਂ ਨੂੰ ਮੁਫਤ ਦਵਾਈਆਂ।
9. ਅੱਖਾਂ ਦੇ ਮਾਹਿਰ ਡਾਕਟਰ ਅੱਖਾਂ ਦੀਆਂ ਬਿਮਾਰੀਆਂ ਦਾ ਚੈਕਅਪ ਕਰਨਗੇ ਅਤੇ ਲੋੜਵੰਦਾਂ ਨੂੰ ਦਵਾਈਆਂ ਅਤੇ ਐਨਕਾਂ ਦਿਤੀਆ ਜਾਣਗੀਆਂ।
10. ਹੱਡੀਆਂ ਦੇ ਮਾਹਿਰ ਡਾਕਟਰ ਮਰੀਜਾ ਦਾ ਚੈਕਅਪ ਕਰਨਗੇ ਅਤੇ ਜੋੜਾਂ ਦੇ ਦਰਦ ਦੀਆ ਦਵਾਈਆਂ ਦੇਣਗੇ।
11. ਔਰਤਾਂ ਦੇ ਰੋਗਾ ਦੇ ਮਾਹਿਰ ਡਾਕਟਰ ਔਰਤਾਂ ਦੀਆ ਬਿਮਾਰੀਆ ਦਾ ਫਰੀ ਚੈੱਕਅਪ ਕਰਨਗੇ ਤੇ ਮੁਫਤ ਦਵਾਈਆਂ ਦਿੱਤੀਆ ਜਾਣਗੀਆਂ।

**ਨੋਟ : ਇਹ ਕੈਂਪ ਔਰਤਾਂ ਲਈ ਸਪੈਸ਼ਲ ਹੈ। ਸੋ ਸਾਰੀਆਂ ਔਰਤਾਂ ਚੈਕਅਪ ਜ਼ਰੂਰ ਕਰਵਾਉਣ**

**★ ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ★**

**Mob. : 94630-27634, 98151-89612**

## ਸ਼੍ਰੀ ਤਰਨ ਤਾਰਨ ਜ਼ਿਮਨੀ ਚੋਣ 2025

# ਪੰਥਕ ਹਲਕੇ ਦੇ ਵੋਟਰਾਂ ਨੂੰ ਅਪੀਲ

ਇੰਟਰਨੈਸ਼ਨਲ ਪੰਥਕ ਦਲ
INTERNATIONAL PANTHIC DAL

# ਪਾਰਟੀਬਾਜੀ ਤੋਂ ਉੱਪਰ ਉੱਠ ਕੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਵੋਟ ਪਾਉਣ : ਇੰਟਰਨੈਸ਼ਨਲ ਪੰਥਕ ਦਲ



**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ**
(ਬਾਨੀ ਇੰਟਰਨੈਸ਼ਨਲ ਪੰਥਕ ਦਲ)
ਅਤੇ ਸਾਬਕਾ ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ



**ਭਾਈ ਪਰਮਜੀਤ ਸਿੰਘ ਢਾਡੀ**
ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



**ਭਾਈ ਰਘਵੀਰ ਸਿੰਘ**
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.



**ਭਾਈ ਕਪਤਾਨ ਸਿੰਘ**
ਜਰਨਲ ਸਕੱਤਰ ਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.

**ਲਵਰਹੈਪਟਨ (ਇੰਗਲੈਂਡ)** — ਸ਼੍ਰੀ ਤਰਨ ਤਾਰਨ ਸਾਹਿਬ — ਪੰਥਕ ਏਕਤਾ ਅਤੇ ਖਾਲਸਾ ਮਰਿਆਦਾ ਦੇ ਸੁਨੇਹੇ ਨਾਲ ਜੁੜੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ਼੍ਰੀ ਤਰਨ ਤਾਰਨ ਸਾਹਿਬ ਹਲਕੇ ਵਿੱਚ ਹੋ ਰਹੀ ਜ਼ਿਮਨੀ ਚੋਣ ਸਬੰਧੀ ਇੱਕ ਮਹੱਤਵਪੂਰਨ ਬਿਆਨ ਜਾਰੀ ਕੀਤਾ ਗਿਆ ਹੈ। ਦਲ ਨੇ ਪੰਥਕ ਹਲਕੇ ਦੇ ਸੂਝਵਾਨ ਅਤੇ ਜਾਗਰੂਕ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਪਾਰਟੀਬਾਜੀ, ਵਿਅਕਤੀਗਤ ਰੁਝਾਨਾਂ ਅਤੇ ਰਾਜਨੀਤਿਕ ਸਵਾਰਥਾਂ ਤੋਂ ਉੱਪਰ ਉੱਠ ਕੇ ਆਪਣੀ ਵੋਟ ਕੇਵਲ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਪਾਉਣ। ਇਹ ਸਾਂਝਾ ਬਿਆਨ ਭਾਈ ਪਰਮਜੀਤ ਸਿੰਘ ਢਾਡੀ, ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ, ਭਾਈ ਰਘਵੀਰ ਸਿੰਘ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂ.ਕੇ., ਅਤੇ ਭਾਈ ਕਪਤਾਨ ਸਿੰਘ, ਜਰਨਲ ਸਕੱਤਰ ਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਵੱਲੋਂ ਸਾਂਝੇ ਤੌਰ 'ਤੇ ਜਾਰੀ ਕੀਤਾ ਗਿਆ।

**ਵਾਰਿਸ ਪੰਜਾਬ ਅਕਾਲੀ ਦਲ ਦਾ ਪੰਥਕ ਉਮੀਦਵਾਰ** : ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਦੱਸਿਆ ਕਿ ਵਾਰਿਸ ਪੰਜਾਬ ਅਕਾਲੀ ਦਲ ਨੇ ਸ਼੍ਰੀ ਤਰਨ ਤਾਰਨ ਹਲਕੇ ਤੋਂ ਹੋ ਰਹੀ ਜ਼ਿਮਨੀ ਚੋਣ ਵਿੱਚ ਆਪਣੇ ਉਮੀਦਵਾਰ ਵਜੋਂ ਭਾਈ ਸੰਦੀਪ ਸਿੰਘ ਸੱਨੀ ਦੇ ਭਰਾ ਭਾਈ ਮਨਦੀਪ ਸਿੰਘ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ। ਭਾਈ ਸੰਦੀਪ ਸਿੰਘ ਸੱਨੀ ਇਸ ਸਮੇਂ ਜੇਲ੍ਹ ਵਿੱਚ ਬੰਦ ਹਨ ਅਤੇ ਉਹਨਾਂ ਦਾ ਪੰਥਕ ਤੇ ਜਨਤਕ ਯੋਗਦਾਨ ਕਾਫ਼ੀ ਮਹੱਤਵਪੂਰਨ ਰਿਹਾ ਹੈ। ਉਨ੍ਹਾਂ ਦੀ ਗੈਰਹਾਜ਼ਰੀ ਵਿੱਚ, ਉਨ੍ਹਾਂ ਦੇ ਭਰਾ ਭਾਈ ਮਨਦੀਪ ਸਿੰਘ ਨੇ ਪੰਥਕ ਸਿਧਾਂਤਾਂ ਦੀ ਰੱਖਿਆ ਅਤੇ ਲੋਕ ਸੇਵਾ ਨੂੰ ਅਗੇ ਵਧਾਉਣ ਦਾ ਸੰਕਲਪ ਲਿਆ ਹੈ। ਪੰਥਕ ਦਲ ਦੇ ਆਗੂਆਂ ਨੇ ਕਿਹਾ ਕਿ ਭਾਈ ਮਨਦੀਪ ਸਿੰਘ ਇੱਕ ਸਿੱਖ ਅਦਰਸ਼ਾਂ, ਸੱਚਾਈ ਅਤੇ ਸੇਵਾ ਦੇ ਪੱਖਦਾਰ ਉਮੀਦਵਾਰ ਹਨ, ਜਿਨ੍ਹਾਂ ਨੇ ਹਮੇਸ਼ਾਂ ਗੁਰੂ ਘਰਾਂ, ਸੰਗਤਾਂ ਅਤੇ ਪੰਥਕ ਮੁਹਿੰਮਾਂ ਵਿੱਚ ਭਾਗ ਲਿਆ ਹੈ।

**ਪੰਥਕ ਏਕਤਾ ਦੀ ਲੋੜ** : ਭਾਈ ਪਰਮਜੀਤ ਸਿੰਘ ਢਾਡੀ, ਭਾਈ ਰਘਵੀਰ ਸਿੰਘ ਅਤੇ ਭਾਈ ਕਪਤਾਨ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੰਥ ਅਨੇਕਾਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਹਨਾਂ ਕਿਹਾ — "ਇਹ ਚੋਣ ਸਿਰਫ਼ ਇੱਕ ਵਿਧਾਨ ਸਭਾ ਸੀਟ ਦੀ ਨਹੀਂ, ਸਗੋਂ ਪੰਥਕ ਸੋਚ ਅਤੇ ਗੁਰੂ ਸਿੱਖੀ ਅਦਰਸ਼ਾਂ ਦੀ ਜਿੱਤ ਦੀ ਚੋਣ ਹੈ। ਅਸੀਂ ਸਾਰਿਆਂ ਨੂੰ ਇਹ ਸੂਝਬੂਝ ਨਾਲ ਫੈਸਲਾ ਕਰਨਾ ਚਾਹੀਦਾ ਹੈ ਕਿ ਕਿਹੜਾ ਉਮੀਦਵਾਰ ਗੁਰੂ ਸਾਹਿਬ ਦੀ ਰਹਿਤ ਤੇ ਪੰਥ ਦੀ ਆਬਰੂ ਨੂੰ ਕਾਇਮ ਰੱਖ ਸਕਦਾ ਹੈ।" ਉਹਨਾਂ ਹੋਰ ਕਿਹਾ ਕਿ ਪੰਥਕ ਧਿਰਾਂ, ਸਮਾਜਕ ਜਥੇਬੰਦੀਆਂ ਤੇ ਗੁਰਮਤਿ ਪ੍ਰੇਮੀ ਸੰਗਤਾਂ ਵੱਲੋਂ ਵੀ ਭਾਈ ਮਨਦੀਪ ਸਿੰਘ ਦੀ ਖੁੱਲ੍ਹੀ ਹਮਾਇਤ ਕੀਤੀ ਜਾ ਰਹੀ ਹੈ, ਜੋ ਪੰਥਕ ਏਕਤਾ ਦਾ ਸਪਸ਼ਟ ਪ੍ਰਤੀਕ ਹੈ।

**ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਦਾ ਮਹੱਤਵ** : ਆਗੂਆਂ ਨੇ ਕਿਹਾ ਕਿ ਤਰਨ ਤਾਰਨ ਸਾਹਿਬ ਦੀ ਧਰਤੀ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀ ਚਰਨ ਛੋਹ ਧਰਤੀ ਹੈ, ਜੋ ਖਾਲਸਾ ਰਾਜ ਦੇ ਸਮੇਂ ਸਿੱਖ ਰਾਜਧਾਨੀ ਦਾ ਮਾਣ ਰੱਖਦੀ ਆਈ ਹੈ। ਇਸ ਲਈ ਮਾਝੇ ਦੇ ਸੂਝਵਾਨ ਸਿੱਖਾਂ ਨੂੰ ਚਾਹੀਦਾ ਹੈ ਕਿ ਉਹ ਇਸ ਧਰਤੀ ਦੀ ਰਵਾਇਤ ਨੂੰ ਜ਼ਿੰਦਾ ਰੱਖਦਿਆਂ ਪੰਥਕ ਝੰਡੇ ਹੇਠ ਇਕੱਠੇ ਹੋਣ। ਉਹਨਾਂ ਕਿਹਾ ਕਿ ਇਹ ਚੋਣ ਸਿਰਫ਼ ਰਾਜਨੀਤਿਕ ਨਹੀਂ, ਸਗੋਂ ਪੰਥਕ ਆਤਮਗੌਰਵ ਦੀ ਪ੍ਰਤੀਕ ਚੋਣ ਹੈ। ਜੇ ਮਾਝੇ ਦੇ ਸਿੱਖ ਇਕਜੁੱਟ ਹੋ ਕੇ ਭਾਈ ਮਨਦੀਪ ਸਿੰਘ ਨੂੰ ਵੱਡੀ ਲੀਡ ਨਾਲ ਕਾਮਯਾਬ ਕਰਾਉਂਦੇ ਹਨ, ਤਾਂ ਇਹ 2027 ਲਈ ਇੱਕ ਮਜ਼ਬੂਤ ਪੰਥਕ ਆਵਾਜ਼ ਦੀ ਸ਼ੁਰੂਆਤ ਹੋਵੇਗੀ।

**ਪੰਥਕ ਦਲ ਦੀ ਅਪੀਲ** : ਇੰਟਰਨੈਸ਼ਨਲ ਪੰਥਕ ਦਲ ਨੇ ਸਾਰਿਆਂ ਪੰਥਕ ਵੋਟਰਾਂ ਨੂੰ ਸਾਂਝੀ ਅਪੀਲ ਕੀਤੀ — **"ਆਉ ਜੀ, 11 ਨਵੰਬਰ ਨੂੰ ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਤੋਂ ਪੰਥਕ ਜਿੱਤ ਦਾ ਨਾਅਰਾ ਲਗਾਈਏ। ਆਪਣੇ ਗੁਰੂ ਦੀ ਰਹਿਤ, ਆਪਣੇ ਸ਼ਹੀਦਾਂ ਦੀ ਕੁਰਬਾਨੀ ਅਤੇ ਆਪਣੀ ਧਰਤੀ ਦੇ ਮਾਣ ਲਈ ਭਾਈ ਮਨਦੀਪ ਸਿੰਘ ਨੂੰ ਜਿੱਤਾਂ ਕੇ 2027 ਦਾ ਰਾਹ ਪੱਧਰਾ ਕਰੀਏ।"**

## ਚੋਣ ਮਿਤੀ: 11 ਨਵੰਬਰ 2025

**ਹਲਕਾ: ਸ਼੍ਰੀ ਤਰਨ ਤਾਰਨ ਸਾਹਿਬ**
**ਉਮੀਦਵਾਰ: ਭਾਈ ਮਨਦੀਪ ਸਿੰਘ**
**(ਵਾਰਿਸ ਪੰਜਾਬ ਅਕਾਲੀ ਦਲ)**



ਭਾਈ ਮਨਦੀਪ ਸਿੰਘ (ਭਰਾਤਾ ਭਾਈ ਸੰਦੀਪ ਸਿੰਘ ਸੰਨੀ)
ਉਮੀਦਵਾਰ, ਵਿਧਾਨ ਸਭਾ ਹਲਕਾ ਤਰਨ-ਤਾਰਨ

ਆਵਾਜ਼ਿ ਕੌਮ AWAZE QAUM
International Newspaper & WEB TV

--★ ਜਾਰੀ ਕਰਤਾ ★--

# ਇੰਟਰਨੈਸ਼ਨਲ ਪੰਥਕ ਦਲ

ਭਾਈ ਪਰਮਜੀਤ ਸਿੰਘ ਢਾਡੀ — ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਭਾਈ ਰਘਵੀਰ ਸਿੰਘ — ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ.
ਭਾਈ ਕਪਤਾਨ ਸਿੰਘ — ਜਰਨਲ ਸਕੱਤਰ ਤੇ ਮੁੱਖ ਬੁਲਾਰਾ, ਯੂ.ਕੇ.